Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact :
647-951-7900
SUKHWINDER NAHAL CFP, CLU
Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 50 | Monday, March 14, 2022 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਕੰਜ਼ਰਵੇਟਿਵ ਲੀਡਰਸ਼ਿਪ ਦੌੜ ਵਿੱਚ ਹਿੱਸਾ ਨਹੀਂ ਲੈਣਗੇ ਪੀਟਰ ਮੈਕੇਅ



ਓਟਵਾ, 13 ਮਾਰਚ (ਪੋਸਟ ਬਿਊਰੋ) : ਪੀਟਰ ਮੈਕੇਅ ਦਾ ਕਹਿਣਾ ਹੈ ਕਿ ਉਹ ਕੰਜ਼ਰਵੇਟਿਵ ਪਾਰਟੀ ਦੀ ਲੀਡਰਸ਼ਿਪ ਦੌੜ ਵਿੱਚ ਹਿੱਸਾ ਨਹੀਂ ਲੈਣਗੇ।

ਸ਼ਨਿੱਚਰਵਾਰ ਨੂੰ ਸੋਸ਼ਲ ਮੀਡੀਆ ਉੱਤੇ ਪੋਸਟ ਕੀਤੇ ਵੀਡੀਓ ਮੈਸੇਜ ਵਿੱਚ ਪੀਟਰ ਮੈਕੇਅ ਨੇ ਆਖਿਆ ਕਿ ਉਨ੍ਹਾਂ ਵੱਲੋਂ ਆਪਣੇ ਦੋਸਤਾਂ, ਕੁਲੀਗਜ਼ ਤੇ ਪਰਿਵਾਰ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਇਹ ਫੈਸਲਾ ਲਿਆ ਗਿਆ ਹੈ। ਸਾਬਕਾ ਪ੍ਰਧਾਨ ਮੰਤਰੀ ਸਟੀਫਨ ਹਾਰਪਰ ਦੀ ਕੰਜ਼ਰਵੇਟਿਵ ਸਰਕਾਰ ਵਿੱਚ ਮੈਕੇਅ ਕੈਬਨਿਟ ਮੰਤਰੀ ਦੇ ਅਹੁਦੇ ਉੱਤੇ ਰਹਿ ਚੁੱਕੇ ਹਨ ਤੇ 2020 ਵਿੱਚ ਸਾਬਕਾ ਆਗੂ ਐਰਿਨ ਓਟੂਲ ਤੋਂ ਦੂਜੇ ਸਥਾਨ ਉੱਤੇ ਵੀ ਉਹ ਰਹੇ। ਉਨ੍ਹਾਂ ਇਹ ਵੀ ਆਖਿਆ ਕਿ ਉਹ ਉਸ ਮੁਕਾਬਲੇ ਵਿੱਚ ਚੜ੍ਹੇ ਕਰਜ਼ੇ ਨੂੰ ਹੁਣ ਤੱਕ ਉਤਾਰ ਰਹੇ ਹਨ। ਮੈਕੇਅ ਪ੍ਰੋਗਰੈਸਿਵ ਕੰਜ਼ਰਵੇਟਿਵ ਪਾਰਟੀ ਦੇ ਆਗੂ ਵੀ ਸਨ ਜਦੋਂ ਉਨ੍ਹਾਂ ਦੀ ਪਾਰਟੀ ਨੇ ਕੈਨੇਡੀਅਨ ਅਲਾਇੰਸ ਨਾਲ ਹੱਥ ਮਿਲਾ ਕੇ ਕੰਜ਼ਰਵੇਟਿਵ ਪਾਰਟੀ ਆਫ ਕੈਨੇਡਾ ਦਾ ਨਿਰਮਾਣ ਕੀਤਾ ਸੀ। ਮੈਕੇਅ ਨੇ ਇਹ ਵੀ ਆਖਿਆ ਕਿ ਉਹ ਅੰਤਰਿਮ ਆਗੂ ਕੈਂਡਿਸ ਬਰਜਨ ਦਾ ਸਮਰਥਨ ਕਰਦੇ ਹਨ ਤੇ ਲੀਡਰਸ਼ਿਪ ਦੌੜ ਵਿੱਚ ਜੇਤੂ ਰਹਿਣ ਵਾਲੇ ਦਾ ਸਮਰਥਨ ਵੀ ਕਰਨਗੇ।

## ਵੈਨ ਤੇ ਟਰੈਕਟਰ ਟਰੇਲਰ ਦੀ ਟੱਕਰ ਵਿੱਚ ਪੰਜਾਬੀ ਮੂਲ ਦੇ 5 ਵਿਦਿਆਰਥੀ ਹਲਾਕ



ਕੁਇੰਟ ਵੈਸਟ, ਓਨਟਾਰੀਓ, 13 ਮਾਰਚ (ਪੋਸਟ ਬਿਊਰੋ) : ਪੁਲਿਸ ਨੇ ਦੱਸਿਆ ਕਿ ਕੁਇੰਟ ਵੈਸਟ, ਓਨਟਾਰੀਓ ਵਿੱਚ ਹਾਈਵੇਅ 401 ਉੱਤੇ ਵੈਨ ਤੇ ਟਰੇਲਰ ਦਰਮਿਆਨ ਹੋਏ ਹਾਦਸੇ ਵਿੱਚ ਮਾਰੇ ਗਏ ਪੰਜ ਵਿਅਕਤੀਆਂ ਦੀ ਪਛਾਣ ਭਾਰਤੀ ਮੂਲ ਦੇ ਵਿਦਿਆਰਥੀਆਂ ਵਜੋਂ ਹੋਈ ਹੈ।

ਕੁਇੰਟ ਪੋਸਟ ਓਪੀਪੀ ਨੇ ਇੱਕ ਨਿਊਜ਼ ਰਲੀਜ਼ ਵਿੱਚ ਆਖਿਆ ਕਿ ਸ਼ਨਿੱਚਰਵਾਰ ਨੂੰ ਹੋਏ ਇਸ ਹਾਦਸੇ ਵਿੱਚ ਹਰਪ੍ਰੀਤ ਸਿੰਘ, ਜਸਪਿੰਦਰ ਸਿੰਘ, ਕਰਨਪਾਲ ਸਿੰਘ, ਮੋਹਿਤ ਚੌਹਾਨ ਤੇ ਪਵਨ ਕੁਮਾਰ ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਮ੍ਰਿਤਕਾਂ ਦੀ ਉਮਰ 21 ਤੋਂ 24 ਸਾਲ ਦਰਮਿਆਨ ਦੱਸੀ ਜਾਂਦੀ ਹੈ। ਪ੍ਰੋਵਿੰਸ਼ੀਅਲ ਪੁਲਿਸ ਨੇ ਦੱਸਿਆ ਕਿ ਇਹ ਸਾਰੇ ਗ੍ਰੇਟਰ ਟੋਰਾਂਟੋ ਤੇ ਮਾਂਟਰੀਅਲ ਏਰੀਆ ਦੇ ਵਿਦਿਆਰਥੀ ਸਨ।

ਇਹ ਸਾਰੇ ਪਸੈਂਜਰ ਵੈਨ ਵਿੱਚ ਹਾਈਵੇਅ 401 ਉੱਤੇ ਸ਼ਨਿੱਚਰਵਾਰ ਨੂੰ ਟਰੈਵਲ ਕਰ ਰਹੇ ਸਨ ਜਦੋਂ ਸਨਿੱਚਰਵਾਰ ਸਵੇਰੇ 3:45 ਉੱਤੇ ਉਨ੍ਹਾਂ ਦੀ ਵੈਨ ਦੀ ਟੱਕਰ ਇੱਕ ਟਰੈਕਟਰ ਟਰੇਲਰ ਨਾਲ ਹੋ ਗਈ। ਪੁਲਿਸ ਨੇ ਦੱਸਿਆ ਕਿ ਦੋ ਹੋਰ ਪਸੈਂਜਰਜ਼ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਪਰ ਉਨ੍ਹਾਂ ਦੀ ਸਥਿਤੀ ਬਾਰੇ ਕੋਈ ਅਪਡੇਟ ਹਾਸਲ ਨਹੀਂ ਹੋ ਸਕੀ। ਹਾਦਸੇ ਦੀ ਜਾਂਚ ਚੱਲ ਰਹੀ ਹੈ ਤੇ ਅਜੇ ਤੱਕ ਕਿਸੇ ਖਿਲਾਫ ਕੋਈ

## ਯੂਕਰੇਨ ਵਿਚ ਵਾਰ ਕ੍ਰਾਈਮ ਨੂੰ ਅੰਜ਼ਾਮ ਦੇ ਰਿਹਾ ਹੈ ਰੂਸ : ਅਨੀਤਾ ਆਨੰਦ



ਓਟਵਾ, 13 ਮਾਰਚ (ਪੋਸਟ ਬਿਊਰੋ) : ਕੈਨੇਡਾ ਦੀ ਰੱਖਿਆ ਮੰਤਰੀ ਅਨੀਤਾ ਆਨੰਦ ਨੇ ਐਤਵਾਰ ਨੂੰ ਰੂਸ ਦੀ ਨਿਖੇਧੀ ਕਰਦਿਆਂ ਆਖਿਆ ਕਿ ਯੂਕਰੇਨ ਉੱਤੇ ਕੀਤੇ ਜਾ ਰਹੇ ਹਮਲਿਆਂ ਤੇ ਵਾਰ ਕ੍ਰਾਈਮਜ ਨੂੰ ਮੁਆਫ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਆਖਿਆ ਕਿ ਤਾਜ਼ਾ ਹਮਲੇ ਵਿੱਚ ਯੂਕਰੇਨ ਵਿੱਚ 35 ਲੋਕ ਮਾਰੇ ਗਏ। ਇਸ ਵੀਕੈਂਡ ਰੂਸ ਨੇ ਯਾਵੋਰਿਵ ਵਿੱਚ ਇੰਟਰਨੈਸ਼ਨਲ ਪੀਸਕੀਪਿੰਗ ਤੇ ਸਕਿਊਰਿਟੀ ਸੈਂਟਰ ਉੱਤੇ ਮਿਜ਼ਾਈਲ ਨਾਲ ਹਮਲਾ ਕੀਤਾ। ਇਹ ਥਾਂ ਨਾਟੋ ਮੈਂਬਰ ਪੋਲੈਂਡ ਨਾਲ ਲੱਗਦੇ ਯੂਕਰੇਨ ਦੇ ਪੱਛਮੀ ਬਾਰਡਰ ਤੋਂ 25 ਕਿਲੋਮੀਟਰ ਦੀ ਦੂਰੀ ਉੱਤੇ ਸਥਿਤ ਹੈ। ਇਸ ਸੈਂਟਰ ਦੀ ਵਰਤੋਂ ਯੂਕਰੇਨੀ ਮਿਲਟਰੀ ਕਰਮਚਾਰੀਆਂ ਨੂੰ ਸਿਖਲਾਈ ਦੇਣ ਲਈ ਵਰਤੀ ਜਾਂਦੀ ਹੈ ਤੇ ਇਸ ਤੋਂ ਪਹਿਲਾਂ ਇਸ ਦੀ ਵਰਤੋਂ ਆਪਰੇਸ਼ਨ ਯੂਨੀਫਾਇਰ ਜਾਂ ਕੈਨੇਡਾ ਦੇ ਯੂਕਰੇਨ ਵਿੱਚ ਸਕਿਊਰਿਟੀ ਸੈਨਾਵਾਂ ਨੂੰ ਸਿੱਖਿਅਤ ਕਰਨ ਲਈ ਹੈੱਡਕੁਆਰਟਰ ਵਜੋਂ ਵਰਤੀ ਜਾਂਦੀ ਸੀ।

ਇਸ ਮਿਸ਼ਨ ਦੇ ਹਿੱਸੇ ਵਜੋਂ 33,000 ਸਕਿਊਰਿਟੀ ਸੈਨਿਕਾਂ ਨੂੰ ਸਿਖਲਾਈ ਦਿੱਤੀ ਜਾ ਚੁੱਕੀ ਹੈ। ਆਨੰਦ ਨੇ ਆਖਿਆ ਕਿ ਇਸ ਸਥਿਤੀ ਵਿੱਚ ਰੂਸ ਹੀ ਹਾਲਾਤ ਨੂੰ ਵਿਗਾੜ ਰਿਹਾ ਹੈ, ਬੱਚਿਆਂ ਤੇ ਪਰਿਵਾਰਾਂ ਨੂੰ ਮਾਰ ਰਿਹਾ ਹੈ ਤੇ ਵਾਰ ਕ੍ਰਾਈਮਜ਼ ਨੂੰ ਅੰਜਾਮ ਦੇ ਰਿਹਾ ਹੈ। ਉਨ੍ਹਾਂ ਆਖਿਆ ਕਿ ਰੂਸ ਦੀਆਂ ਇਨ੍ਹਾਂ ਵਧੀਕੀਆਂ ਖਿਲਾਫ ਨਾਟੋ ਭਾਈਵਾਲ ਇੱਕਜੁੱਟ ਹਨ ਤੇ ਯੂਕਰੇਨ ਨੂੰ ਬਣਦੀ ਹਰ ਤਰ੍ਹਾਂ ਦੀ ਮਦਦ ਮੁਹੱਈਆ ਕਰਵਾਈ ਜਾਵੇਗੀ।

ਦੂਜੀ ਗੱਲ ਇਹ ਕਿ ਵਾਸ਼ਿੰਗਟਨ ਟਰੀਟੀ ਦੀ ਧਾਰਾ 5 ਤਹਿਤ ਇੱਕ ਦੇਸ਼ ਉੱਤੇ ਹਮਲੇ ਨੂੰ ਸਾਰੇ ਮੈਂਬਰ ਮੁਲਕਾਂ ਉੱਤੇ ਹਮਲਾ ਮੰਨਿਆ ਜਾਵੇਗਾ। ਅਸੀਂ ਨਾਟੋ ਟੈਰੇਟਰੀ ਦੇ ਇੰਚ-ਇੰਚ ਦੀ ਰਾਖੀ ਕਰਾਂਗੇ। ਆਨੰਦ ਨੇ ਇਸ ਗੱਲ ਦੀ ਵੀ ਪੁਸ਼ਟੀ ਕੀਤੀ ਕਿ ਕੈਨੇਡੀਅਨ ਹਥਿਆਰਬੰਦ ਫੌਜਾਂ ਦਾ ਕੋਈ ਵੀ ਮੈਂਬਰ ਯੂਕਰੇਨ ਵਿੱਚ ਨਹੀਂ ਹੈ ਤੇ ਉਨ੍ਹਾਂ ਨੂੰ ਜਾਂ ਤਾਂ ਪੋਲੈਂਡ ਤੇ ਜਾਂ ਫਿਰ ਹੋਰਨਾਂ ਥਾਂਵਾਂ ਉੱਤੇ ਸ਼ਿਫਟ ਕੀਤਾ ਜਾ ਚੁੱਕਿਆ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

## ਕੰਜ਼ਰਵੇਟਿਵ ਲੀਡਰਸ਼ਿਪ ਦੌੜ ਵਿੱਚ ਪੈਟ੍ਰਿਕ ਬ੍ਰਾਊਨ ਵੀ ਹੋਏ ਸ਼ਾਮਲ

ਬਰੈਂਪਟਨ, 13 ਮਾਰਚ (ਪੋਸਟ ਬਿਊਰੋ) : ਬਰੈਂਪਟਨ ਦੇ ਮੇਅਰ ਪੈਟ੍ਰਿਕ ਬ੍ਰਾਊਨ ਵੀ ਫੈਡਰਲ ਕੰਜ਼ਰਵੇਟਿਵ ਆਗੂ ਦੀ ਦੌੜ ਵਿੱਚ

MOTEL FOR SALE ON HWY 7
IN THE MIDDLE OF TORONTO AND OTTAWA
$1,275,000
- Excellent Cash Flow And Low Vacancy Rate
- Low Operating Costs
- Many Recent Upgrades To Rooms
- New Security Camera System
- Plan Approved For Additional Unit
RAJ HANDA
BROKER OF RECORD
DIR: 647-546-5228
OFF: 905-457-4588
SAVE MAX GLOBAL REALTY
RAJ@SAVEMAXGLOBALREALTY.COM

ਕੁੱਦ ਗਏ ਹਨ। ਇਸ ਦੌਰਾਨ ਉਨ੍ਹਾਂ ਵੱਲੋਂ ਇਹ ਵਾਅਦਾ ਵੀ ਕੀਤਾ ਗਿਆ ਹੈ ਕਿ ਪਿਛਲੇ ਕੁੱਝ ਕੁ ਸਾਲਾਂ ਵਿੱਚ ਪਾਰਟੀ ਵਿੱਚ ਆਈਆਂ ਤਰੇੜਾਂ ਨੂੰ ਉਹ ਭਰਨ ਦੀ ਕੋਸ਼ਿਸ਼ ਕਰਨਗੇ।

43 ਸਾਲਾ ਬ੍ਰਾਊਨ ਨੇ ਬਰੈਂਪਟਨ, ਓਨਟਾਰੀਓ ਤੋਂ ਆਪਣੀ ਕੈਂਪੇਨ ਦੀ ਸ਼ੁਰੂਆਤ ਕੀਤੀ, ਇੱਥੇ ਉਹ 2018 ਤੋਂ ਮੇਅਰ ਦੀ ਭੂਮਿਕਾ ਨਿਭਾਅ ਰਹੇ ਹਨ। ਐਤਵਾਰ ਨੂੰ ਕੁਈਨਜ਼ ਦੇ ਮੈਨਰ ਈਵੈਂਟ ਸੈਂਟਰ ਵਿੱਚ ਆਪਣੀ ਪਤਨੀ ਤੇ ਬੱਚਿਆਂ ਨਾਲ ਬ੍ਰਾਊਨ ਸਟੇਜ ਉੱਤੇ ਪਹੁੰਚੇ। ਇਸ ਮੌਕੇ ਭੀੜ ਬ੍ਰਾਊਨ ਦਾ



ਨਾਂ ਲੈ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕਰ ਰਹੀ ਸੀ। ਬ੍ਰਾਊਨ ਨੇ ਆਖਿਆ ਕਿ ਹੋਰਨਾਂ ਪਾਰਟੀਆਂ ਨੂੰ ਵੋਟ ਕਰਨ ਵਾਲਿਆਂ ਦਾ ਵੀ ਉਹ ਆਪਣੇ ਪਰਿਵਾਰ ਵਿੱਚ ਸਵਾਗਤ ਕਰਦੇ ਹਨ ਤੇ ਚਾਹੁੰਦੇ ਹਨ ਕਿ ਉਹ ਕੰਜ਼ਰਵੇਟਿਵਜ਼ ਦੇ ਹੱਥ ਮਜ਼ਬੂਤ ਕਰਨ। ਪਾਰਟੀ ਵਿੱਚ ਬ੍ਰਾਊਨ ਨੂੰ ਮਿਹਨਤੀ ਆਰਗੇਨਾਈਜ਼ਰ ਵਜੋਂ ਜਾਣਿਆ ਜਾਂਦਾ ਹੈ। ਕੰਜ਼ਰਵੇਟਿਵ ਲੀਡਰਸ਼ਿਪ ਦੌੜ ਵਿੱਚ ਸ਼ਾਮਲ ਹੋਣ ਵਾਲੇ ਉਹ ਪੰਜਵੇਂ ਉਮੀਦਵਾਰ ਹਨ। ਇਸ ਦੌੜ ਵਿੱਚ ਹੁਣ ਤੱਕ ਸਾਬਕਾ ਫੈਡਰਲ ਪ੍ਰੋਗਰੈਸਿਵ ਕੰਜ਼ਰਵੇਟਿਵ ਆਗੂ ਜੀਨ ਚਾਰੈਸਟ, ਓਟਵਾ ਏਰੀਆ ਤੋਂ ਐਮਪੀ ਪਿਏਰ ਪੌਲੀਏਵਰ,ਓਨਟਾਰੀਓ ਤੋਂ ਐਮਪੀ ਲੈਸਲਿਨ ਲੁਇਸ ਤੇ ਓਨਟਾਰੀਓ ਤੋਂ ਆਜ਼ਾਦ ਐਮਪੀਪੀ ਰੋਮਨ ਬੇਬਰ ਸ਼ਾਮਲ ਹੋ ਚੁੱਕੇ ਹਨ।

## ਇਟਲੀ ਵਿੱਚ ਯੂਕਰੇਨੀ ਰਫਿਊਜੀਆਂ ਨਾਲ ਭਰੀ ਬੱਸ ਪਲਟੀ, 1 ਹਲਾਕ

ਰੋਮ, 13 ਮਾਰਚ (ਪੋਸਟ ਬਿਊਰੋ) : ਐਤਵਾਰ ਸ਼ਾਮ ਨੂੰ ਇਟਲੀ ਦੇ ਉੱਤਰੀ ਹਿੱਸੇ ਵਿੱਚ ਵੱਡੇ ਹਾਈਵੇਅ ਉੱਤੇ ਯੂਕਰੇਨੀ ਰਫਿਊਜੀਆਂ ਨਾਲ ਭਰੀ ਬੱਸ ਪਲਟ ਗਈ। ਇਸ ਹਾਦਸੇ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ, ਉਹ ਮਹਿਲਾ ਇੱਕ ਬੱਚੇ ਦੀ ਮਾਂ ਸੀ। ਇਹ ਜਾਣਕਾਰੀ ਇਟਲੀ ਦੇ ਫਾਇਰਫਾਈਟਰਜ਼ ਨੇ ਦਿੱਤੀ। ...ਬਾਕੀ ਪੰਨਾ 3 'ਤੇ

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

YES! Immigration
Yes we can...
Locations: Woodbridge, Mississauga, Scarborough
Celebrating 16 Years
16 ਸਾਲਾਂ ਤੋਂ ਤੋਹਾਡੀ ਸੇਵਾ ਵਿਚ
ਇੰਮਿਗਰੇਸ਼ਨ ਸੇਵਾਵਾਂ
10-20% Discount
iccrc Raj Narang, Ritu Narang
ਕੇਨੇਡਾ ਦੇ ਵੀਜ਼ਾ ਵਾਸਤੇ ਅਜੱ ਹੀ ਸੰਪਰਕ ਕਰੋ:
(416)740-6969
(647)616-1020

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

ROYAL STAR Realty Inc. Brokerage
Off: 905-793-1111
Fax: 905-793-1455
RESIDENTIAL | COMMERCIAL | INVESTMENT
Serving you from one of the Largest Offices in GTA !
GURVIR DHILLON
Sales Representative
Dir: 647-409-1302
170 Steelwell Rd., Unit 200, Brampton, ON L6T 5T3
gaggi04@hotmail.com | www.royalstarrealty.com

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Dubai Jewellers
10% additional discount on gold and upto 50% on diamond.
ਨਵੇਂ ਬਣੇ ਪਲਾਜ਼ਾ ਦੇ ਵਿਚ
2700 Northpark Drive
Unit #19, Brampton
Ontario L6S 0E9
North Park & Airport Major Intersection
Gift Prize with Every Purchase
- Repair at no extra cost
- Appraisal Certificate
- Buy, Sell, Trade
Tuesday to Sunday (12-8)
(Monday Closed)
Dubai Jewellers
Raj & Gulshan
Mob: 416-465-1200
www.dubaijewellers.ca
info@dubaijewellers.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan
Certified Instructor
Cell: 416 726 6206 Tel: 905 405 0001

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Business Law
- Family Law
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca




# Now Hiring

LIGHT SPEED Logistics Inc.

## Owner Operators

| | |
|---|---|
| US TEAM | $2.09 |
| US SINGLE | $1.94 |
| ONTARIO/QUEBEC TO MIDWEST | $2.24 |
| CANADIAN TEAM | $1.89 |
| CANADIAN SINGLE | $1.74 |
| (AB-BC) (BC-AB) | $2.29 |

## Company Drivers

| | |
|---|---|
| US TEAM | $0.86 |
| US SINGLE | $0.62 |
| CANADIAN TEAM | $0.66 |
| CANADIAN SINGLE | $0.50 |
| ON/QC TEAM TO MID-WEST | $0.96 |
| ON/QC SINGLE TO MID-WEST | $0.72 |
| (AB-BC) (BC-AB) TEAM | $0.81 |
| (AB-BC) (BC-AB) SINGLE | $0.65 |

* Conditions Apply

Call us or Drop in!

JAGGI DHILLON : 403-542-4258
GURBIR SARAN : 416-768-5441
1-800-397-6009 (Press Option 3)
122 Carmek Blvd, Rocky View AB T1X 1X1

safedrivers@lslinc.com www.lslinc.com

# EXCLUSIVE OFFER!

## GET A $15 IN-STORE CREDIT

*WITH NEW ACTIVATION ON A $25/MO DATA, TALK, & TEXT PLAN OR HIGHER



chatr™ AUTHORIZED DEALER

1 Promenade Circle | Thornhill, ON | 647-274-3808
2456 Lake Shore Blvd West | Etobicoke, ON | 416-259-3654
379 Main St. North | Brampton, ON | 905-451-0379

See in-store for details. Offer available March 6th - 31st, 2022 and subject to change without notice. *Only applicable with new activation on a $25/mo Data, Talk & Text plan or higher. In-store credit cannot be applied to top-ups, bill payments, SIM cards, vouchers or redeemed for cash and has no cash value. Visit chatrmobile.com/plans for more details. Taxes are extra and while quantities last. ™ Trademarks used under license ©2022

# ਇਟਲੀ ਵਿੱਚ ਯੂਕਰੇਨੀ ਰਫਿਊਜੀਆਂ ਨਾਲ ਭਰੀ ਬੱਸ ਪਲਟੀ, 1 ਹਲਾਕ




...ਪੰਨਾ 1 ਦਾ ਬਾਕੀ

ਇਟਲੀ ਦੇ ਸਰਕਾਰੀ ਟੀਵੀ ਅਨੁਸਾਰ ਇਸ ਹਾਦਸੇ ਵਿੱਚ ਪੰਜ ਵਿਅਕਤੀ ਜ਼ਖ਼ਮੀ ਹੋ ਗਏ। ਪਰ ਕਿਸੇ ਨੂੰ ਜਾਨ-ਲੇਵਾ ਸੱਟਾਂ ਨਹੀਂ ਲੱਗੀਆਂ।ਇਹ ਹਾਦਸਾ ਉੱਤਰਪੂਰਬੀ ਇਟਲੀ ਦੇ ਐਮਿਲੀਆ-ਰੋਮਾਗਨਾ ਰੀਜਨ ਦੇ ਕਸਬੇ ਫੋਰਲੀ ਨੇੜੇ ਹਾਈਵੇਅ ਏ 14 ਉੱਤੇ ਵਾਪਰਿਆ।ਪ੍ਰਾਪਤ ਜਾਣਕਾਰੀ ਅਨੁਸਾਰ ਬਾਕੀ ਲੋਕਾਂ ਨੂੰ ਸੁਰੱਖਿਅਤ ਢੰਗ ਨਾਲ ਬਾਹਰ ਕੱਢ ਲਿਆ ਗਿਆ। ਬੱਸ ਹਾਈਵੇਅ ਨਾਲ ਲੱਗਦੀ ਗਾਰਡਰੇਲ ਨਾਲ ਟਕਰਾ ਕੇ ਖੇਤਾਂ ਵਿੱਚ ਪਲਟ ਗਈ। ਬੱਸ ਨੂੰ ਸਿੱਧਾ ਕਰਨ ਤੇ ਵਿੱਚ ਫਸੇ ਲੋਕਾਂ ਨੂੰ ਬਾਹਰ ਕੱਢਣ ਲਈ ਫਾਇਰਫਾਈਟਰਜ਼ ਨੂੰ ਦੋ ਕਰੇਨਾਂ ਦੀ ਮਦਦ ਲੈਣੀ ਪਈ।ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

# ਕੇਜਰੀਵਾਲ ਅਤੇ ਭਗਵੰਤ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵੱਲੋਂ 'ਧੰਨਵਾਦੀ ਮਾਰਚ'

## * ਲੀਡਰਾਂ ਨਾਲੋਂ ਲੋਕਾਂ ਦੀ ਸੁਰੱਖਿਆ ਵੱਧ ਜ਼ਰੂਰੀ : ਭਗਵੰਤ ਮਾਨ * ਰੋਡ ਸ਼ੋਅ ਦੌਰਾਨ ਰਾਘਵ ਚੱਢਾ ਦੇ ਸੁਰੱਖਿਆ ਮੁਲਾਜ਼ਮ ਦਾ ਪਿਸਤੌਲ ਚੋਰੀ

ਅੰਮ੍ਰਿਤਸਰ, 13 ਮਾਰਚ, (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਸ਼ਾਨਦਾਰ ਜਿੱਤ ਤੋਂ ਬਾਅਦ ਅੱਜ ਆਮ ਆਦਮੀ ਪਾਰਟੀ ਨੇਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਨਾਮਜ਼ਦਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚਅੰਮ੍ਰਿਤਸਰ ਵਿੱਚ ਧੰਨਵਾਦੀ ਮਾਰਚ ਕੀਤਾ। ਇਹ ਰੋਡ ਸ਼ੋਅ ਦੁਪਹਿਰ ਕਰੀਬ ਦੋ ਵਜੇ ਅੰਮ੍ਰਿਤਸਰ ਦੇ ਕਚਹਿਰੀ ਚੌਕ ਤੋਂ ਸ਼ੁਰੂ ਹੋਇਆ, ਜਿਸ ਵਿੱਚ ਆਮ ਆਦਮੀ ਪਾਰਟੀ ਦੇ ਸਾਰੇ ਹਲਕਿਆਂ ਤੋਂ ਜਿੱਤੇ ਹੋਏ ਵਿਧਾਇਕ ਵੀ ਸ਼ਾਮਲ ਸਨ ਅਤੇ ਲੋਕਾਂ ਦੀ ਅਥਾਹ ਭੀੜ ਵੀ ਸੀ।

ਅੱਜ ਦੇ ਇਸ ਮਾਰਚ ਵਿੱਚ ਸਾਰੇ ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਆਗੂਅਤੇ ਵਰਕਰ ਢੋਲ-ਢਮੱਕੇ ਨਾਲ ਸ਼ਾਮਲ ਹੋਏ ਤੇ ਇਸ ਰਾਜ ਵਿੱਚ ਪਹਿਲੀ ਵਾਰ ਸਰਕਾਰ ਬਣਨ ਉੱਤੇ ਆਪਣੀ ਮਿਹਨਤ ਦੀ ਖ਼ੁਸ਼ੀ ਉਨ੍ਹਾਂ ਦੇ ਚਿਹਰਿਆਂ ਤੋਂ ਸਾਫ ਝਲਕ ਰਹੀ ਸੀ। ਸਾਰਾ ਰਸਤਾ ਫੁੱਲਾਂ ਨਾਲ ਸਜਾਇਆ ਗਿਆ ਤੇ ਪਾਰਟੀ ਵੱਲੋਂ ਪਹਿਲਾਂਦਿੱਤੀ ਹਦਾਇਤ ਕਾਰਨ ਧੰਨਵਾਦੀ ਮਾਰਚ ਉਤੇ ਫੁੱਲਾਂ ਦੀ ਵਰਖਾ ਨਹੀਂਕੀਤੀ ਗਈ। ਇਸ ਮੌਕੇ ਪੰਜਾਬ ਦੇ ਕਰੀਬ ਸਭ ਜ਼ਿਲ੍ਹਿਆਂ ਤੋਂ ਆਏ ਹੋਏ ਵਰਕਰਾਂ ਨੇ ਇਹ ਵਿਚਾਰ ਪ੍ਰਗਟ ਕੀਤੇ ਕਿ ਉਨ੍ਹਾਂ ਨੂੰ ਇਸ ਸਰਕਾਰ ਤੋਂ ਬਹੁਤ ਆਸਾਂ ਹਨ, ਵਰਕਰਾਂ ਦੀ ਮਿਹਨਤ ਰੰਗ ਲਿਆਈ ਹੈ। ਕਈ ਵਰਕਰਾਂ ਨੇ ਕਿਹਾ ਕਿ ਉਹ ਪਹਿਲਾਂ ਅਕਾਲੀ ਦਲ ਤੇ ਕਾਂਗਰਸ ਵਿੱਚ ਸਨ, ਪਰ ਓਥੋਂ ਨਿਰਾਸ਼ ਹੋ ਕੇ ਆਮ ਆਦਮੀ ਪਾਰਟੀ ਵਿੱਚਆਏ ਅਤੇ ਮਿਹਨਤ ਕੀਤੀ ਹੈ, ਜਿਸ ਕਾਰਨ ਬਦਲਾਅ ਆਇਆ ਹੈ।

ਰੋਡ ਸ਼ੋਅ ਕਰਨ ਅੰਮ੍ਰਿਤਸਰ ਵਿੱਚ ਗਏ ਮੁੱਖ ਮੰਤਰੀ ਭਗਵੰਤ ਮਾਨ ਤੇ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਸ੍ਰੀ ਹਰਿਮੰਦਰ ਸਾਹਿਬ ਵੀ ਗਏ ਤੇ ਪੰਜਾਬ ਵਿੱਚ ਵੱਡੀ ਜਿੱਤ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਭਗਵੰਤ ਮਾਨ, ਅਰਵਿੰਦ ਕੇਜਰੀਵਾਲ ਤੇ ਹੋਰਨਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਬੰਧਕਾਂਨੇ ਸੂਚਨਾ ਕੇਂਦਰ ਸ੍ਰੀ ਦਰਬਾਰ ਸਾਹਿਬ ਵਿਖੇ ਸਿਰੋਪਾਓ ਤੇ ਕਿਤਾਬਾਂ ਦਾ ਸੈੱਟ ਅਤੇ ਮਾਡਲ ਦੇ ਕੇ ਸਨਮਾਨਤ ਕੀਤਾ।ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਦੇ ਨਾਲ ਦਿੱਲੀ ਦੇ ਡਿਪਟੀਮੁੱਖ ਮੰਤਰੀ ਮਨੀਸ਼ ਸਿਸੋਦੀਆ, ਰਾਘਵ ਚੱਢਾ, ਅੰਮ੍ਰਿਤਸਰ ਸ਼ਹਿਰ ਦੇ ਮੇਅਰ ਕਰਮਜੀਤ ਸਿੰਘ ਰਿੰਟੂ ਅਤੇ ਹੋਰ ਬਹੁਤ ਸਾਰੇ ਵਿਸ਼ੇਸ਼ ਵਿਅਕਤੀ ਮੌਜੂਦ ਸਨ।

ਅੱਜ ਏਥੇ ਆਏ ਪੰਜਾਬ ਦੇ ਨਾਮਜ਼ਦ ਮੁੱਖ ਮੰਤਰੀ ਭਗਵੰਤ ਮਾਨਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਲਈ ਕਿਸੇ ਨੇਤਾ ਦੀ ਸਕਿਓਰਟੀ ਨਾਲੋਂ ਆਮ ਜਨਤਾ ਦੀ ਸੁਰੱਖਿਆਵੱਧਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਥਾਣੇ ਖਾਲੀ ਨਹੀਂ ਛੱਡੇ ਜਾ ਸਕਦੇ। ਵਰਨਣ ਯੋਗ ਹੈ ਕਿ ਭਗਵੰਤ ਮਾਨ ਨੇ ਪੰਜਾਬ ਦੀ ਕਮਾਨ ਸੰਭਾਲਣ ਤੋਂ ਪਹਿਲਾਂ ਹੀ ਇਸ ਰਾਜ ਦੇ ਸਾਰੇ ਸਾਬਕਾ ਮੰਤਰੀਆਂ ਤੇ ਵਿਧਾਇਕਾਂ ਦੀ



ਸੁਰੱਖਿਆ ਵਾਪਸ ਲੈਣ ਦਾ ਫੈਸਲਾ ਕੀਤਾ ਅਤੇ ਕਰੀਬ 122 ਨੇਤਾਵਾਂ ਦੀ ਸੁਰੱਖਿਆਹਟਾ ਦਿੱਤੀ ਗਈ, ਜਿਨ੍ਹਾਂ ਵਿੱਚੋਂ ਕਈਆਂ ਕੋਲ ਅਣ-ਅਧਿਕਾਰਤ ਸੁਰੱਖਿਆ ਸੀ। ਇਸ ਬਾਰੇ ਭਗਵੰਤ ਮਾਨ ਨੇਕਿਹਾ ਕਿ 'ਮੈਨੂੰ ਲੱਗਦਾ ਹੈ ਕਿ ਕੁਝ ਲੋਕਾਂ ਦੀ ਸੁਰੱਖਿਆਤੋਂ ਪੰਜਾਬ ਦੇ ਲੋਕਾਂ ਦੀ ਸੁਰੱਖਿਆਵੱਧਜ਼ਰੂਰੀ ਹੈ।ਅੱਜ ਤੱਕ ਸਿਆਸਤਦਾਨਾਂ ਦੇ ਘਰਾਂ ਅੱਗੇ ਪੁਲਿਸ ਮੁਲਾਜ਼ਮ ਤਾਇਨਾਤ ਤੇ ਥਾਣੇ ਖਾਲੀ ਸਨ। ਸਾਡੇ ਲਈ 3 ਕਰੋੜ ਤੋਂ ਵੱਧ ਲੋਕਾਂ ਦੀ ਸੁਰੱਖਿਆਸਭ ਤੋਂ ਅਹਿਮ ਹੈ। ਪੁਲਿਸ ਆਪਣਾ ਕੰਮ ਕਰੇਗੀ।' ਨਵੇਂ ਹੁਕਮਾਂ ਤੋਂ ਪਤਾ ਲੱਗਾ ਹੈ ਕਿ ਮੌਜੂਦਾ ਮੰਤਰੀਆਂ ਵਿੱਚੋਂ ਹਰ ਇੱਕ ਨਾਲ ਦੋ ਦਰਜਨ ਤੱਕ ਸੁਰੱਖਿਆਮੁਲਾਜ਼ਮ ਲੱਗੇ ਹੋਏ ਸਨ। ਇੱਕ ਸੀਨੀਅਰ ਪੁਲਿਸ ਅਫਸਰ ਨੇ ਦੱਸਿਆ ਕਿ ਸਾਬਕਾ ਮੰਤਰੀਆਂ ਦੇ ਸਲਾਹਕਾਰਾਂ ਅਤੇ ਓਐੱਸਡੀਜ਼ ਨਾਲ 500 ਤੋਂ ਵੱਧ ਪੁਲਿਸ ਕਰਮਚਾਰੀ ਲੱਗੇ ਹੋਏ ਸਨ।

ਦੂਸਰੇ ਪਾਸੇ ਅੱਜ ਅੰਮ੍ਰਿਤਸਰ ਦੇ ਰੋਡ ਸ਼ੋਅ ਦੌਰਾਨ ਆਮ ਆਦਮੀ ਪਾਰਟੀ ਦੇ ਆਗੂ ਤੇ ਪੰਜਾਬ ਦੇ ਕੋ-ਇੰਚਾਰਜ ਰਾਘਵ ਚੱਢਾ ਦੇ ਸੁਰੱਖਿਆ ਮੁਲਾਜ਼ਮ ਦਾ ਪਿਸਤੌਲ ਚੋਰੀ ਹੋ ਗਿਆ।ਇਸ ਪਿੱਛੋਂ ਸਿਵਲ ਲਾਈਨ ਥਾਣੇ ਦੀ ਚੌਕੀ ਗਰੀਨ ਐਵੇਨਿਊ ਵਿੱਚ ਇਸ ਦੀ ਰਿਪੋਰਟ ਦਰਜ ਕੀਤੀ ਗਈ ਹੈ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਨਾਮਜ਼ਦ ਮੁੱਖ ਮੰਤਰੀ ਭਗਵੰਤ ਮਾਨ ਦੇ ਰੋਡ ਸ਼ੋਅ ਦੀਸੁਰੱਖਿਆਲਈ ਪਠਾਨਕੋਟ, ਗੁਰਦਾਸਪੁਰ, ਬਟਾਲਾ, ਅੰਮ੍ਰਿਤਸਰ ਦਿਹਾਤੀ, ਅੰਮ੍ਰਿਤਸਰ ਕਮਿਸਨਰੇਟ ਤੇ ਤਰਨਤਾਰਨ ਜ਼ਿਲ੍ਹਿਆਂ ਦੀ ਪੁਲਿਸ ਵੀ ਲਾਈ ਗਈ ਸੀ। ਪਠਾਨਕੋਟ ਦੇ ਇਕ ਏਐੱਸਆਈ ਦੀ ਡਿਊਟੀ ਆਮ ਆਦਮੀ ਪਾਰਟੀ ਦੇਆਗੂ ਰਾਘਵ ਚੱਢਾ ਦੀ ਸੁਰੱਖਿਆਵਾਸਤੇ ਲੱਗੀ ਸੀ। ਕਚਹਿਰੀ ਚੌਕ ਤੋਂ ਉਹ ਜਦੋਂਨਾਵਲਟੀ ਚੌਕ ਵਿਚ ਜਾ ਰਹੇ ਸਨ ਤਾਂਉਸ ਦਾ ਸਰਕਾਰੀ ਪਿਸਤੌਲ ਚੋਰੀ ਹੋ ਗਿਆ।

ਦੂਸਰੇ ਪਾਸੇ ਵਿਧਾਨਸਭਾ ਚੋਣਾਂਦੀ ਵੋਟਿੰਗ ਤੋਂ ਕੁਝ ਦਿਨ ਪਹਿਲਾਂ ਕਾਂਗਰਸ ਵਿੱਚੋਂ ਆਮ ਆਦਮੀ ਪਾਰਟੀ ਵਿੱਚਆਏ ਅੰਮ੍ਰਿਤਸਰ ਦੇ ਮੇਅਰ ਕਰਮਜੀਤ ਸਿੰਘ ਰਿੰਟੂ ਨਾਲ ਚਾਰ ਕਾਂਗਰਸੀ ਕੌਂਸਲਰਅੱਜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਅੱਜ 16 ਹੋਰ ਕਾਂਗਰਸੀ ਕੌਂਸਲਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਦਿੱਲੀ ਦੇ ਡਿਪਟੀਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ ਪੰਜਾਬ ਮਾਮਲਿਆਂ ਦੇ ਮੁਖੀ ਜਰਨੈਲ ਸਿੰਘ ਨੇ ਇਨ੍ਹਾਂ ਕੌਂਸਲਰਾਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾਹੈ।ਇਸ ਪਿੱਛੋਂ ਕਾਂਗਰਸੀਕੌਂਸਲਰਾਂ ਨੇ ਨਗਰ ਨਿਗਮ ਕਮਿਸ਼ਨਰ ਨੂੰ ਪੱਤਰਦਿੱਤਾ ਸੀ ਕਿ ਪਾਰਟੀ ਛੱਡ ਕੇ ਦੂਸਰੀ ਪਾਰਟੀ ਵਿੱਚ ਜਾ ਚੁੱਕੇ ਕਰਮਜੀਤ ਸਿੰਘ ਰਿੰਟੂ ਨੂੰ ਬਹੁਮੱਤ ਸਾਬਤ ਕਰਨ ਨੂੰ ਕਿਹਾ ਜਾਵੇ, ਪਰ ਰਿੰਟੂ ਨੇ ਬਹੁਮਤ ਸਾਬਤ ਕਰਨ ਲਈ ਕਾਂਗਰਸ ਦੇ ਕੌਂਸਲਰ ਆਮ ਆਦਮੀ ਪਾਰਟੀ ਚ ਸ਼ਾਮਲ ਕਰਵਾ ਦਿੱਤੇ ਹਨ, ਜਦ ਕਿ ਪਹਿਲਾਂ ਹੀ 21 ਮਾਰਚ ਨੂੰ ਹਾਊਸ ਦੀ ਮੀਟਿੰਗ ਮੇਅਰ ਕਰਮਜੀਤ ਸਿੰਘ ਰਿੰਟੂ ਨੇ ਸੱਦੀ ਹੋਈ ਹੈ।






# ਚੋਣਾਂ ਦੀ ਹਾਰ ਦਾ ਅਸਰ: ਸਾਬਕਾ ਕਾਂਗਰਸੀ ਮੰਤਰੀ ਬਲਬੀਰ ਸਿੱਧੂ ਨੇ ਅਮਰਿੰਦਰ ਨੂੰ ਹਟਾਉਣ ਨੂੰ ਵੱਡੀ ਗ਼ਲਤੀ ਕਿਹਾ

ਚੰਡੀਗੜ੍ਹ, 13 ਮਾਰਚ, (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਹਾਰ ਪਿੱਛੋਂ ਕਾਂਗਰਸੀ ਆਗੂਆਂ ਦਾ ਪਾਟਕ ਸਾਹਮਣੇ ਆਉਣ ਲੱਗਾ ਹੈ।ਪਾਰਲੀਮੈਂਟ ਮੈਂਬਰ ਗੁਰਜੀਤ ਸਿੰਘ ਔਜਲਾ, ਪੰਜਾਬ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਤੇ ਸਾਬਕਾ ਵਿਧਾਇਕ ਸੁਰਜੀਤ ਧੀਮਾਨ ਦੇ ਬਾਅਦ ਮੋਹਾਲੀ ਹਲਕੇ ਤੋਂ ਹਾਰ ਚੁੱਕੇ ਸਾਬਕਾ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਹਾਰ ਦਾ ਭਾਂਡਾ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੇ ਸਿਰ ਭੰਨਿਆ ਅਤੇ ਹਾਈ ਕਮਾਂਡ ਉੱਤੇ ਵੀ ਸਵਾਲ ਚੁੱਕਿਆ ਹੈ। ਉਨ੍ਹਾ ਕਿਹਾ ਕਿ ਕਾਂਗਰਸ ਹਾਈ ਕਮਾਂਡ ਨੇ ਨਵਜੋਤ ਸਿੰਘ ਸਿੱਧੂ ਵਰਗੇ ਦੂਸਰੀ ਪਾਰਟੀ ਤੋਂ ਆਏ ਆਗੂ ਨੂੰ ਪੰਜਾਬ ਦੀ ਕਮਾਨ ਸੌਂਪ ਕੇ ਆਪਣੀ ਇਹ ਹਾਰ ਖ਼ੁਦ ਲਿਖ ਲਈ ਸੀ।

ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾਉਣਾ ਤੇ ਫਿਰ ਸੁਨੀਲ ਜਾਖੜ ਨੂੰ ਮੁੱਖ ਮੰਤਰੀ ਨਾ ਬਣਾਉਣਾ ਕਾਂਗਰਸ ਦੀ ਵੱਡੀ ਭੁੱਲ ਸਾਬਤ ਹੋਇਆ। ਉਨ੍ਹਾਂ ਕਿਹਾ ਕਿ ਪਾਰਟੀ ਲਈ ਸੰਭਾਵਨਾਵਾਂ ਉਸੇ ਦਿਨ ਘਟ ਗਈਆਂ ਸਨ, ਜਦੋਂ ਪੁਰਾਣਾ ਕਾਂਗਰਸੀ ਆਗੂ ਸੁਨੀਲ ਜਾਖੜ ਲਾਂਭੇ ਕਰ ਕੇ ਨਵਜੋਤ ਸਿੱਧੂਵਰਗੇ ਬਾਹਰੋਂ ਲਿਆਂਦੇ ਆਗੂ ਨੂੰ ਪੰਜਾਬ ਦਾ ਪ੍ਰਧਾਨ ਬਣਾਇਆ ਸੀ, ਜਿਹੜਾ ਮਸਾਂ ਚਾਰ ਸਾਲ ਪਹਿਲਾਂ ਕਾਂਗਰਸ ਵਿਚ ਆਇਆ ਸੀ।ਬਲਬੀਰ ਸਿੰਘਸਿੱਧੂ ਨੇ ਕਿਹਾ ਕਿ ਫਿਰ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾ ਦਿੱਤਾ, ਜੋ ਸੱਚਾ ਕਾਂਗਰਸੀ ਨਹੀਂ ਸੀ। ਉਸਨੇ ਪਹਿਲਾਂ ਅਕਾਲੀ ਦਲ ਤੇ ਪੀਪਲਜ਼ ਪਾਰਟੀ ਪੰਜਾਬ ਦੇ ਨਾਲ ਆਪਣਾ ਭਵਿੱਖ ਜੋੜਿਆ ਸੀ। ਪਾਰਟੀ ਨੇ 'ਬਾਹਰੀ ਲੋਕਾਂ' ਨੂੰ ਪ੍ਰਮੁੱਖਤਾ ਦਿੱਤੀ ਤੇ ਸੀਨੀਅਰ ਆਗੂਆਂ ਨੂੰ ਲਾਂਭੇ ਕਰ ਦਿੱਤਾ ਸੀ। ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਜਦੋਂ ਨਵਜੋਤ ਸਿੰਘਸਿੱਧੂ ਨੇ ਕਾਂਗਰਸ ਦਾ ਜ਼ਿੰਮਾ ਸੰਭਾਲਿਆ



ਤਾਂਗਿਰਾਵਟ ਸ਼ੁਰੂ ਹੋ ਗਈ। ਫਿਰ ਸਿੱਧੂਅਤੇ ਚਰਨਜੀਤ ਸਿੰਘ ਚੰਨੀ ਇਕ ਦੂਸਰੇ ਵਿਰੁੱਧ ਬਿਆਨਬਾਜ਼ੀ ਕਰਦੇ ਰਹੇ ਤਾਂ ਲੋਕ ਤੰਗ ਆ ਗਏ ਤੇ ਦੋਵਾਂ ਨੂੰ ਸਬਕ ਸਿਖਾ ਦਿੱਤਾ। ਬਲਬੀਰ ਸਿੰਘਸਿੱਧੂ ਨੇ ਕਿਹਾ ਕਿ ਨਵਜੋਤ ਸਿੰਘਸਿੱਧੂ ਨੇ ਅਕਾਲੀ ਆਗੂ ਅਨਿਲ ਜੋਸ਼ੀ ਬਾਰੇ ਅਤੇ ਚਰਨਜੀਤ ਸਿੰਘ ਚੰਨੀ ਨੇ ਯੂ ਪੀ ਅਤੇ ਬਿਹਾਰ ਦੇ ਲੋਕਾਂ ਬਾਰੇ ਭੈੜੇ ਸ਼ਬਦ ਆਖੇ ਤਾਂ ਲੋਕ ਇਸ ਤੋਂ ਵੀ ਨਾਰਾਜ਼ ਸਨ। ਨਵਜੋਤ ਸਿੰਘ ਸਿੱਧੂ ਨੇ ਗੁੱਗਾ ਪੀਰ ਬਾਰੇ ਗ਼ਲਤ ਬੋਲ ਵਰਤੇ ਅਤੇ ਦੋਵਾਂ ਨੇ ਏਦਾਂ ਕੀਤਾ, ਜਿਵੇਂ ਪਰਮਵੀਰ ਚੱਕਰ ਜਿੱਤਿਆ ਹੋਵੇ।

ਇਹੀ ਨਹੀਂ, ਬਲਬੀਰ ਸਿੰਘਸਿੱਧੂ ਨੇ ਨਾਂ ਲਏ ਬਿਨਾਂ ਕਾਂਗਰਸੀ ਆਗੂ ਅੰਬਿਕਾ ਸੋਨੀਬਾਰੇ ਵੀ ਕਿਹਾ ਕਿ ਧਰਮ ਨਿਰਪੱਖ ਪਾਰਟੀ ਕਾਂਗਰਸ ਦੀ ਗ਼ਲਤੀ ਵਿਧਾਇਕਾਂ ਦਾ ਸਮਰਥਨ ਦੇ ਬਾਵਜੂਦ ਸੁਨੀਲ ਜਾਖੜ ਨੂੰ ਮੁੱਖ ਮੰਤਰੀ ਬਣਾਉਣ ਤੋਂ ਨਾਂਹ ਕਰਨਾ ਵੀ ਸੀ, ਕਿਉਂਕਿ ਉਹ ਹਿੰਦੂ ਸਨ। ਉਨ੍ਹਾਂ ਕਿਹਾ ਕਿ ਪਾਰਟੀ ਨੇ ਧਰਮ ਦੀ ਸਿਆਸਤ ਉੱਤੇ ਭਰੋਸਾ ਕੀਤਾ ਹੁੰਦਾ ਤਾਂ ਗਿਆਨੀ ਜ਼ੈਲ ਸਿੰਘ ਰਾਸ਼ਟਰਪਤੀ ਨਾ ਬਣਦੇ, ਡਾ. ਮਨਮੋਹਨ ਸਿੰਘ ਪ੍ਰਧਾਨ ਮੰਤਰੀ ਨਾ ਬਣਦੇ। ਵਰਨਣ ਯੋਗ ਹੈ ਅੰਬਿਕਾ ਸੋਨੀ ਦੇ ਸਿਰਫ ਸਿੱਖ ਮੁੱਖ ਮੰਤਰੀ ਵਾਲਾ ਬਿਆਨ ਦੇ ਕੇ ਸੁਨੀਲ ਜਾਖੜ ਦਾ ਰਾਹ ਰੋਕਿਆ ਸੀ।













# ਚੋਣਾਂ ਦਾ ਚੱਕਰ ਨਤੀਜੇ ਸੌਂਪ ਕੇ ਨਿਕਲ ਗਿਆ, ਅੱਗੇ ਕਦਮ ਵਧਾਉਣ ਬਾਰੇ ਸੋਚੀਏ



ਜਤਿੰਦਰ ਪੰਨੂ


ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਹੋਣ ਪਿੱਛੋਂ ਨਤੀਜੇ ਨਿਕਲ ਚੁੱਕੇ ਹਨ ਅਤੇ ਆਮ ਆਦਮੀ ਪਾਰਟੀ ਇਹੋ ਜਿਹੀ ਤਾਕਤ ਬਣ ਕੇ ਉੱਭਰੀ ਹੈ, ਜਿਸ ਦਾ ਕਿਸੇ ਨੂੰ ਖਿਆਲ ਵੀ ਨਹੀਂ ਸੀ। ਉਸ ਨੂੰ ਇੱਕ ਸੌ ਸਤਾਰਾਂ ਵਿੱਚੋਂ ਬਾਨਵੇਂ ਸੀਟਾਂ ਮਿਲਣ ਦਾ ਕਾਰਨ ਏਥੋਂ ਪਤਾ ਲੱਗਦਾ ਹੈ ਕਿ ਕੁੱਲਭੁਗਤੀਆਂ ਵੋਟਾਂ ਵਿੱਚੋਂ ਬਤਾਲੀ ਫੀਸਦੀ ਲੋਕਾਂ ਨੇ ਉਸ ਨੂੰ ਵੋਟ ਪਾਈ ਹੈ, ਜਦ ਕਿ ਉਸ ਦੀ 'ਨੇੜਲੀ ਵਿਰੋਧੀ' ਕਾਂਗਰਸ ਪਾਰਟੀ ਨੂੰ ਤੇਈ ਫੀਸਦੀ ਤੋਂ ਵੀ ਘੱਟ ਵੋਟਾਂ ਮਿਲੀਆਂ ਹਨ। ਏਨੇ ਵੱਡੇ ਪਾੜੇ ਵੱਲ ਵੇਖੀਏ ਤਾਂ ਕਾਂਗਰਸ ਨੂੰ ਉਸ ਦੀ 'ਨੇੜਲੀ ਵਿਰੋਧੀ' ਕਹਿੰਦਿਆਂ ਵੀ ਹੱਸ ਪਈਦਾ ਹੈ। ਜਿਹੜੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਈ ਵਾਰੀ ਇਹ ਕਿਹਾ ਸੀ ਕਿ 'ਪਿਛਲੀ ਵਾਰੀ ਮੈਂ ਡਿਪਟੀ-ਡੁਪਟੀ ਹੁੰਦਾ ਸਾਂ, ਇਸ ਵਾਰੀਪੂਰਾ ਮੁੱਖ ਮੰਤਰੀ ਬਣਾਂਗਾ', ਉਸ ਦੀ ਪਾਰਟੀ ਨੂੰ ਸਿਰਫ ਤਿੰਨ ਸੀਟਾਂ ਮਿਲੀਆਂ ਤੇ ਵੋਟਾਂ ਸਾਢੇ ਅਠਾਰਾਂ ਫੀਸਦੀ ਤੋਂ ਹੇਠਾਂ ਰਹਿ ਗਈਆਂ ਹਨ। ਪੰਜਾਬ ਦੇ ਤਿੰਨ ਖੇਤਰ ਮਾਝਾ, ਦੋਆ-ਬਾ ਅਤੇ ਮਾਲਵਾ ਹਨ ਅਤੇ ਅਕਾਲੀ ਦਲ ਨੂੰ ਤਿੰਨਾਂ ਵਿੱਚ ਇੱਕ-ਇੱਕ ਸੀਟ, ਮਾਝੇ ਵਿੱਚ ਮਜੀਠਾ, ਦੋਆਬੇ ਵਿੱਚ ਬੰਗਾ ਤੇ ਮਾਲਵੇ ਦੀ ਦਾਖਾ ਮਿਲੀ ਹੈ, ਬਾਕੀ ਸਾਰੇ ਪੰਜਾਬ ਵਿੱਚ ਉਸ ਨੂੰ ਝਾੜੂ ਵਾਲਿਆਂ ਨੇ ਮਾਂਜਾ ਮਾਰ ਕੇ ਖੂੰਜੇ ਲਾ ਦਿੱਤਾ ਹੈ। ਇਹ ਆਪਣੇ ਆਪ ਵਿੱਚ ਹੈਰਾਨੀ ਜਨਕ ਹੈ।

ਹੈਰਾਨੀ ਜਨਕ ਇਹ ਵੀ ਹੈ ਕਿ ਪੰਜਾਬ ਦਾ ਪੰਜ ਵਾਰੀਆਂ ਦਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਆਪਣੇ ਲੰਬੀ ਹਲਕੇ ਵਾਲੀ ਪੱਕੀ ਮੰਨੀ ਜਾਂਦੀ ਸੀਟ ਤੋਂ ਉਮਰ ਦੇ ਆਖਰੀ ਪਹਿਰ ਵਿੱਚ ਹਾਰ ਕੇ ਸਾਰੀ ਉਮਰ ਦੇ ਕਦੇ ਨਾ ਹਾਰਨ ਵਾਲੇ ਆਗੂ ਦਾ ਅਕਸ ਮਿੱਟੀ ਵਿੱਚ ਮਿਲਾ ਬੈਠਾ ਹੈ। ਉਸ ਦੇ ਨੇੜਲੇ ਸਲਾਹਕਾਰਾਂ ਤੇ ਸਾਰੀ ਉਮਰ ਦੇ ਸਾਥੀਆਂ ਨੇ ਸਲਾਹ ਦੇਣ ਦੀ ਕੋਸ਼ਿਸ਼ ਕੀਤੀ ਸੀ ਕਿ ਉਸ ਨੂੰ ਸਦੀ ਪੂਰੀ ਕਰਨ ਤੋਂ ਮਸਾਂ ਛੇ ਕੁ ਸਾਲ ਘੱਟ ਹੁੰਦਿਆਂ ਇਸ ਉਮਰ ਵਿੱਚ ਚੋਣ ਲੜਨ ਤੇ ਅਕਸ ਨੂੰ ਦਾਅ ਉੱਤੇ ਲਾਉਣ ਤੋਂ ਬਚਣਾ ਚਾਹੀਦਾ ਹੈ। ਬਾਦਲ ਪਰਵਾਰ ਵਿੱਚ ਜਿਸ ਦੀ ਸਭ ਤੋਂ ਵੱਧ ਚੱਲਦੀ ਹੈ ਅਤੇ ਉਸ ਦੇ ਮੂਹਰੇ ਕੋਈ ਸਿਰ ਨਹੀਂ ਚੁੱਕ ਸਕਦਾ, ਉਸ ਨੇ ਕਿਹਾ ਸੀ ਕਿ 'ਪਾਪਾ ਨੂੰ ਇਸ ਵਾਰੀ ਸੁਪਰ ਸੀ ਐੱਮ ਬਣਾਉਣਾ ਹੈ, ਇਸ ਲਈ ਇਹ ਚੋਣ ਲੜਨੀ ਹੀ ਲੜਨੀ ਹੈ।' ਨਤੀਜਾ ਬਹੁਤ ਬੁਰਾ ਨਿਕਲਿਆ ਅਤੇ ਓਦੋਂ ਵੀ ਬੁਰੀ ਗੱਲ ਕਿ ਬਾਦਲ ਸਾਹਿਬ ਦਾ ਪਹਿਲਾਂ ਡਿਪਟੀ ਮੁੱਖ ਮੰਤਰੀ ਰਹਿ ਚੁੱਕਾ ਪੁੱਤਰ ਇਸ ਵਾਰੀ 'ਡਿਪਟੀ-ਡੁਪਟੀ' ਦੀ ਥਾਂ ਪੂਰਾ ਮੁੱਖ ਮੰਤਰੀ ਬਣਨ ਦੇ ਸੁਫਨੇ ਲੈਂਦਾ ਆਪਣੀ ਜਲਾਲਾਬਾਦ ਸੀਟ ਤੋਂ ਨਵੇਂ ਉੱਭਰੇ ਆਗੂ ਜਗਦੀਪ ਕੰਬੋਜ ਤੋਂ ਲੱਗਭਗ ਇਕੱਤੀ ਹਜ਼ਾਰ ਵੋਟਾਂ ਦੇ ਫਰਕ ਨਾਲ ਬੁਰੀ ਤਰ੍ਹਾਂ ਹਾਰ ਗਿਆ ਹੈ। ਬਾਦਲ ਸਾਹਿਬ ਦਾ ਦਾਮਾਦ ਵੀ ਪੱਟੀ ਸੀਟ ਤੋਂ ਗਿਆਰਾਂ ਹਜ਼ਾਰ ਵੋਟਾਂ ਨਾਲ ਹਾਰ ਗਿਆ ਤੇ ਪੁੱਤਰ ਦਾ ਸਾਲਾ ਬਿਕਰਮ ਸਿੰਘ ਮਜੀਠੀਆ ਵੀ ਅੰਮ੍ਰਿਤਸਰ ਪੂਰਬੀ ਹਲਕੇ ਤੋਂ ਪੰਝੀ ਹਜ਼ਾਰ ਵੋਟਾਂ ਲੈ ਕੇ ਤੀਸਰੀ ਥਾਂ ਆਇਆ ਹੈ। ਆਮ ਆਦਮੀ ਪਾਰਟੀ ਵੱਲੋਂ ਓਥੇ ਸਿਆਸੀ ਖੇਤਰ ਵਿੱਚ ਅਸਲੋਂ ਨਵੀਂ ਉੱਭਰੀ ਆਗੂ ਜੀਵਨਜੋਤ ਕੌਰ ਨੂੰ ਜਿਤਾਉਣ ਲਈ ਚਾਲੀ ਹਜ਼ਾਰ ਦੇ ਕਰੀਬ ਲੋਕਾਂ ਨੇ ਵੋਟਾਂ ਪਾਈਆਂ ਤੇ ਪੰਜਾਬ ਕਾਂਗਰਸ ਦਾ ਬੜਬੋਲਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਵੀ ਉਸ ਨਾਲੋਂ ਪੌਣੇ ਸੱਤ ਹਜ਼ਾਰ ਵੋਟਾਂ ਦੇ ਫਰਕ ਨਾਲ ਹਾਰ ਪੱਲੇ ਪੁਆ ਬੈਠਾ ਹੈ। ਅਕਾਲੀ ਦਲ ਦੇ ਬਜਾਏ ਕਾਂਗਰਸ ਵੱਲੋਂ ਸਹੀ, ਪ੍ਰਕਾਸ਼ ਸਿੰਘ ਬਾਦਲ ਦਾ ਭਤੀਜਾ ਮਨਪ੍ਰੀਤ ਸਿੰਘ ਬਾਦਲ, ਜਿਹੜਾ ਪੰਜ ਸਾਲਾਂ ਤੋਂ ਕਾਂਗਰਸਦੀ ਸਰਕਾਰ ਦਾ ਖਜ਼ਾਨਾ ਮੰਤਰੀ ਸੀ ਅਤੇ ਕਿਹਾ ਜਾ ਰਿਹਾ ਸੀ ਕਿ ਬਾਦਲ ਪਰਵਾਰ ਅੰਦਰ-ਖਾਤੇ ਆਪਸ ਵਿੱਚ ਇੱਕ ਦੂਸਰੇ ਦੀ ਮਦਦ ਲਈ ਸਾਂਝ ਪਾ ਚੁੱਕਾ ਹੈ, ਬਠਿੰਡੇ ਦੀ ਸੀਟ ਤੋਂ ਉਹ ਸਾਢੇ ਤਰੇਹਠ ਹਜ਼ਾਰ ਵੋਟਾਂ ਦੇ ਫਰਕ ਨਾਲ ਸ਼ਰਮਿੰਦਗੀ ਵਾਲੀ ਹਾਰ ਦਾ ਭਾਗੀ ਬਣਿਆ ਹੈ। ਇਸ ਨਤੀਜੇ ਨੇ ਆਜ਼ਾਦੀ ਤੋਂ ਬਾਅਦ ਪਹਿਲੀ ਵਾਰੀ ਪੰਜਾਬ ਦੀ ਵਿਧਾਨ ਸਭਾ ਬਾਦਲ-ਮੁਕਤ ਕਰ ਦਿੱਤੀ ਹੈ। ਇਹੀ ਨਹੀਂ, ਪਾਰਟੀ ਦੇ ਵੱਡੇ ਚਿਹਰਿਆਂ ਵਿੱਚੋਂ ਜਥੇਦਾਰ ਤੋਤਾ ਸਿੰਘ ਵਰਗਾ ਅੱਧੀ ਸਦੀ ਤੋਂ ਵੱਧ ਪੁਰਾਣਾ ਅਕਾਲੀ ਆਗੂ ਆਪਣੀ ਧਰਮਕੋਟ ਵਾਲੀ ਸੀਟ ਹਾਰ ਗਿਆ ਤੇ ਉਸ ਦਾ ਪੁੱਤਰ ਬਰਜਿੰਦਰ ਸਿੰਘ ਮੋਗੇ ਤੋਂ ਹਾਰ ਗਿਆ। ਮਰਹੂਮ ਜਥੇਦਾਰ ਗੁਰਚਰਨ ਸਿੰਘ ਟੌਹੜਾ ਦਾ ਪੱਕਾ ਸਿਆਸੀ ਫਰਜ਼ੰਦ ਕਿਹਾ ਜਾਂਦਾ ਪ੍ਰੇਮ ਸਿੰਘ ਚੰਦੂਮਾਜਰਾ ਆਪਣੀ ਘਨੌਰ ਵਾਲੀ ਸੀਟ ਤੋਂ ਅਤੇ ਉਸ ਦਾ ਪੁੱਤਰ ਨਾਲ ਦੀ ਸਨੌਰ ਸੀਟ ਤੋਂ ਹਾਰ ਗਿਆ ਹੈ। ਪਾਰਟੀ ਦਾ ਹੋਰ ਕਿਹੜਾ-ਕਿਹੜਾ ਆਗੂ ਕਿੱਦਾਂ ਹਾਰਿਆ, ਇਸ ਬਾਰੇ ਚਰਚਾ ਕਰਨ ਦੀ ਲੋੜ ਨਹੀਂ ਰਹਿੰਦੀ।

ਕਾਂਗਰਸ ਪਾਰਟੀ ਨੇ ਜਦੋਂ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾਇਆ ਸੀਤਾਂ ਅਸੀਂ ਸਵਾਗਤ ਕੀਤਾ ਤੇ ਕਿਹਾ ਸੀ ਕਿ ਇਹ ਪੰਜਾਬ ਦੀ ਰਾਜਨੀਤੀ ਦਾ ਸੁਲੱਖਣਾ ਪੱਖ ਹੈ ਕਿ ਅਸਲੋਂ ਦੱਬੇ-ਕੁਚਲੇ ਘਰ ਵਿੱਚ ਜਨਮਿਆ ਬੱਚਾ ਵੀ ਇਸ ਰਾਜ ਦੀ ਸਿਖਰਲੀ ਸਿਆਸੀ ਕੁਰਸੀ ਉੱਤੇ ਬੈਠਾ ਹੈ। ਉਹ ਉਸ ਕੁਰਸੀ ਉੱਤੇ ਬੈਠ ਕੇ ਜਿਸ ਤਰ੍ਹਾਂ ਚੱਲਿਆ, ਅਗਲੇ ਦਿਨਾਂ ਵਿੱਚ ਨਾ ਪਾਰਟੀ ਦਾ ਕੁਝ ਬਣਾ ਸਕਿਆ ਅਤੇ ਨਾ ਦੋ ਥਾਂਈਂ ਕਾਗਜ਼ ਭਰ ਕੇ ਇੱਕ ਵੀ ਸੀਟ ਨੂੰ ਖੁਦ ਜਿੱਤਣ ਜੋਗਾ ਨਿਕਲਿਆ ਹੈ। ਉਸ ਦੀ ਪਾਰਟੀ ਦਾ ਜਿਹੜਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਆਪਣਾ ਬਣਾਇਆ 'ਪੰਜਾਬ ਮਾਡਲ' ਲੋਕਾਂ ਨੂੰ ਵਿਖਾ ਕੇ ਸੱਤਰ ਸੀਟਾਂ ਜਿੱਤਣ ਦਾ ਦਾਅਵਾ ਕਰਦਾ ਸੀ, ਉਹ ਆਪਣੀ ਅੰਮ੍ਰਿਤਸਰ ਪੂਰਬੀ ਦੀ ਸੀਟ ਤੋਂ ਪਾਰ ਲੱਗਣ ਯੋਗ ਨਹੀਂ ਨਿਕਲਿਆ ਅਤੇ ਨਾਲ ਦੀ ਸੀਟ ਤੋਂ ਪਾਰਟੀ ਦਾ ਡਿਪਟੀ ਮੁੱਖ ਮੰਤਰੀ ਓਮ ਪ੍ਰਕਾਸ਼ ਸੋਨੀ ਵੀ ਹਾਰ ਗਿਆ ਹੈ। ਇਸ ਪਾਰਟੀ ਨੂੰ ਮਸਾਂ ਡੇਢ ਦਰਜਨ ਸੀਟਾਂ ਮਿਲੀਆਂ ਹਨ ਅਤੇ ਏਨੀਆਂ ਮਿਲਣ ਤੋਂ ਵੀ ਲੋਕ ਹੈਰਾਨ ਹਨ, ਕਿਉਂਕਿ ਕਾਂਗਰਸ ਆਗੂ ਜਦੋਂ ਚੱਲਦੀ ਚੋਣ ਦੌਰਾਨ ਵੀ ਇੱਕ ਦੂਸਰੇ ਦੇ ਗਿੱਟੇ ਸੇਕਦੇ ਰਹੇ ਤਾਂ ਇਸ ਤੋਂ ਵੱਖਰਾ ਨਤੀਜਾ ਨਿਕਲਣ ਦੀ ਆਸ ਵੀ ਕਿਸੇ ਨੂੰ ਨਹੀਂ ਸੀ। ਚੱਲਦੀ ਚੋਣ ਦੌਰਾਨ ਨਵਜੋਤ ਸਿੰਘ ਸਿੱਧੂ ਦੂਸਰੇ ਕਾਂਗਰਸੀ ਲੀਡਰਾਂ ਅਤੇ ਆਪਣੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਖਿਲਾਫ ਵੀ ਰੋਜ਼ ਭੜਾਸ ਕੱਢਦਾ ਰਿਹਾ ਤੇ ਅੱਗੋਂ ਉਸ ਦੇ ਖਿਲਾਫ ਵੀ ਪਾਰਟੀ ਦੇ ਕਈ ਲੀਡਰ ਜਨਤਕ ਤੌਰ ਉੱਤੇ ਬੋਲਦੇ ਰਹੇ ਸਨ। ਪਾਰਟੀ ਦੇ ਪੰਜ ਪਾਰਲੀਮੈਂਟ ਮੈਂਬਰਾਂ ਨੇ, ਜਿਨ੍ਹਾਂ ਵਿੱਚ ਚਾਰ ਲੋਕ ਸਭਾ ਵਾਲੇ ਅਤੇ ਇੱਕ ਰਾਜ ਸਭਾ ਵਾਲਾ ਸੀ, ਚੱਲਦੀ ਚੋਣ ਮੌਕੇਵੀ ਆਪਣੀ ਪਾਰਟੀ ਦੇ ਖਿਲਾਫ ਖੁੱਲ੍ਹੀ ਬਿਆਨਬਾਜ਼ੀ ਕਰਨੀ ਜਾਰੀ ਰੱਖੀ ਸੀ ਤਾਂ ਲੋਕ ਮੂਰਖ ਨਹੀਂ ਸਨ ਕਿ ਇਹੋ ਜਿਹੀ ਕੋੜਮੇ ਦੀ ਜੰਗ ਵਿੱਚ ਉਲਝੀ ਹੋਈ ਪਾਰਟੀ ਨੂੰ ਜਿਤਾ ਦੇਂਦੇ।

ਭਾਜਪਾ ਵਾਲਿਆਂ ਨੇ ਦਾਅਵੇ ਬਹੁਤ ਵੱਡੇ ਕੀਤੇ ਕਿ ਉਹ ਪੰਜਾਬ ਦੀ ਸਰਕਾਰ ਬਣਾਉਣ ਲਈ ਪੂਰਾ ਨਕਸ਼ਾ ਬਣਾ ਕੇ ਚੱਲਦੇ ਪਏ ਹਨ ਅਤੇ ਦਸ ਮਾਰਚ ਪਿੱਛੋਂ ਨਤੀਜਿਆਂ ਤੋਂ ਬਾਅਦ ਸਰਕਾਰ ਸੀਸਵਾਂ ਵਾਲੇ ਮਹਿਲ ਤੋਂ ਚਲਾਉਣ ਲਈ ਕੈਪਟਨ ਅਮਰਿੰਦਰ ਸਿੰਘ ਦੀ ਟੀਮ ਵੀ ਅਗੇਤਾ ਹੀ ਕਹਿੰਦੀ ਰਹੀ। ਜਦੋਂ ਨਤੀਜਾ ਨਿਕ-ਲਿਆ ਤਾਂ ਭਾਜਪਾ ਸਿਰਫ ਦੋਂਹ ਸੀਟਾਂ ਉੱਤੇ ਰੁਕ ਗਈ ਅਤੇ ਕੈਪਟਨ ਅਮਰਿੰਦਰ ਸਿੰਘ ਦੀ ਨਾ ਆਪਣੀ ਸੀਟ ਆਈ ਤੇ ਨਾ ਕੋਈ ਸੰਗੀ-ਸਾਥੀ ਕਿਸੇ ਵੀ ਸੀਟ ਤੋਂ ਜਿੱਤ ਸਕਿਆ। ਇਹੋ ਹਾਲ ਉਨ੍ਹਾਂ ਨਾਲ ਜੁੜੇ ਸੁਖਦੇਵ ਸਿੰਘ ਢੀਂਡਸਾ ਦੇ ਗਰੁੱਪ ਦਾ ਹੋਇਆ ਹੈ। ਅੱਗੋਂ ਜਿਹੜੀ ਹਾਲਤ ਦਿੱਸ ਰਹੀ ਹੈ, ਉਸ ਵਿੱਚ ਇਹ ਦੋਵੇਂ ਧੜੇ ਦੋਬਾਰਾ ਆਪਣੇ ਸਿਰ ਉੱਠਣ ਜੋਗੇ ਨਹੀਂ ਲੱਗਦੇ ਤੇ ਜਿਸ ਕਿਸੇ ਧਿਰ ਨਾਲ ਇਹ ਜੁੜਨਗੇ, ਓਥੇ ਹੋਰ ਜੋ ਵੀ ਮਿਲ ਜਾਵੇ, ਇੱਜ਼ਤ-ਮਾਣ ਮਿਲਣ ਵਾਲੀ ਗੱਲ ਨਹੀਂ ਹੋਣੀ। ਭਵਿੱਖ ਦੇ ਪੱਖ ਤੋਂ ਇਨ੍ਹਾਂ ਲੀਡਰਾਂ ਨੂੰ ਸੰਨਿਆਸ ਦਾ ਜੀਵਨ ਗੁਜ਼ਾਰਨ ਲਈ ਮਾਨਸਿਕ ਤੌਰ ਉੱਤੇ ਤਿਆਰ ਹੋਣਾ ਚਾਹੀਦਾ ਹੈ।

ਇਸ ਵਕਤ ਪੰਜਾਬ ਵਿੱਚ ਇੱਕ ਨਵਾਂ ਦੌਰ ਸ਼ੁਰੂ ਹੋ ਰਿਹਾ ਹੈ। ਲੋਕਾਂ ਨੇ ਦਿੱਲੀ ਵਰਗਾ ਰਾਜ ਪੰਜਾਬ ਵਿੱਚ ਕਾਇਮ ਕਰਨ ਲਈ ਅਰਵਿੰਦ ਕੇਜਰੀਵਾਲ ਅਤੇ ਉਸ ਦੀ ਟੀਮ ਨੂੰ ਭਗਵੰਤ ਮਾਨ ਦੀ ਅਗਵਾਈ ਵਿੱਚ ਇੱਕ ਮੌਕਾ ਦਿੱਤਾ ਹੈ ਅਤੇ ਹਰ ਕੋਈ ਅੱਖ ਉਨ੍ਹਾਂ ਉੱਤੇ ਲੱਗੀ ਹੋਈ ਹੈ। ਬਹੁਤ ਸਾਰੇ ਲੋਕਾਂ ਨੂੰ ਇਹ ਪਾਰਟੀ ਸਾਰੇ ਨੁਕਸਾਂ ਤੋਂ ਅਸਲੋਂਪਾਕਿ ਦਿਖਾਈ ਦੇ ਸਕਦੀ ਹੈ, ਪਰ ਹਕੀਕਤ ਇਹ ਹੈ ਕਿ ਇਸ ਦੇ ਜਿਹੜੇ ਵਿਧਾਇਕ ਚੋਣਾਂ ਜਿੱਤ ਸਕੇ ਹਨ, ਉਨ੍ਹਾਂ ਵਿੱਚੋਂ ਕਈ ਏਦਾਂ ਦੇ ਹਨ ਕਿ ਉਨ੍ਹਾਂ ਉੱਤੇ ਬਹੁਤਾ ਲੰਮਾ ਸਮਾਂ ਚੱਲਣ ਦਾ ਭਰੋਸਾ ਨਹੀਂ ਬੱਝ ਸਕਦਾ। ਪਹਿਲਾਂ ਕੁਝ ਹੋਰ ਪਾਰਟੀਆਂ ਵਿੱਚ ਰਹਿ ਚੁੱਕੇ ਇਨ੍ਹਾਂ ਲੋਕਾਂ ਵਿੱਚੋਂ ਕਿਹੜਾ ਕਦੋਂ ਅੱਧੀ ਰਾਤ ਵੇਲੇ ਕਿਸੇ ਹੋਰ ਧਿਰ ਤੋਂ ਕਿਸੇ ਵੀ ਕਿਸਮ ਵੀ ਲਾਭ ਲੈਣ ਲਈ ਉਨ੍ਹਾਂ ਨਾਲ ਜਾ ਮਿਲੇ, ਇਸ ਬਾਰੇ ਕੋਈ ਨਹੀਂ ਦੱਸ ਸਕਦਾ। ਉਂਜ ਇਹ ਪਾਰਟੀ ਕਿਸੇ ਖਾਸ ਸਿਆਸੀ ਸਿਧਾਂਤ ਨੂੰ ਅਪਣਾਈ ਨਾ ਹੋਣ ਕਾਰਨ ਸਿਰਫ ਭ੍ਰਿਸ਼ਟਾਚਾਰ ਦੇ ਵਿਰੋਧ ਦੇ ਸਿਰ ਉੱਤੇ ਚੋਣਾਂ ਜਿੱਤ ਕੇ ਅੱਗੇ ਆਈ ਹੈ, ਇਸ ਲਈ ਹਰ ਕੋਈ ਆਗੂ ਆਪੋ ਆਪਣੀ ਬੋਲੀ ਬੋਲਦਾ ਸੁਣਦਾ ਹੈ। ਜਦੋਂ ਇਹ ਲੋਕ ਕੰਮ ਸ਼ੁਰੂ ਕਰਨਗੇ, ਇਨ੍ਹਾਂ ਦੇ ਕੰਮ ਦੇ ਸਿੱਟਿਆਂ ਤੇ ਸੇਧਾਂ ਬਾਰੇ ਅੰਦਾਜ਼ਾ ਲੱਗਣ ਵਿੱਚ ਮਸਾਂ ਦੋ ਕੁ ਮਹੀਨੇ ਲੱਗਣਗੇ, ਉਸ ਦੀ ਸਾਰੀ ਗੱਲ ਅਸੀਂ ਓਦੋਂ ਕਰ ਲਵਾਂਗੇ। ਇਸ ਵਕਤ ਇਨ੍ਹਾਂ ਨਵੇਂ ਜਿੱਤਿਆਂ ਨੂੰ ਇਹ ਸਮਝਣ ਦੀ ਲੋੜ ਹੈ ਕਿ ਚੋਣਾਂ ਦਾ ਚੱਕਰ ਤਾਂ ਨਤੀਜੇ ਸੌਂਪ ਕੇ ਨਿਕਲ ਗਿਆ ਹੈ, ਉਨ੍ਹਾਂ ਦੇ ਕੋਲ ਅਗਲਾ ਕਦਮ ਵਧਾਉਣ ਦਾ ਮੌਕਾ ਹੈ, ਜਿਸ ਵਿੱਚ ਕੀਤੀ ਗਈ ਦੇਰੀ ਜਾਂ ਗਲਤੀ ਦੋਵੇਂ ਲੋਕਾਂ ਨੂੰ ਦਿੱਸ ਪੈਣਗੀਆਂ।



ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| Founder Editor | Jagdish Singh Grewal |
| Managing Director | Parminder Kaur Grewal |
| Contributing Editors | Gyan Singh, |
| Office Admin | Sajandeep Singh |
| Graphic Designer | Angrez Singh |
| Photographer | Kanwaljit Singh Kanwal |
| Distributer Marketing: | Aman Warraich<br>Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

# ਡਿੱਗਦੇ ਵਿਚਾਰਾਂ ਦੀ ਪਤਝੜ

ਕੀ ਤੁਸੀਂ ਸੂਰਜ ਚੜ੍ਹਨ ਤੋਂ ਪਹਿਲਾਂ ਕੁਦਰਤ ਨੂੰ ਦੇਖਿਆ ਹੈ? ਇਸ ਦੇ ਸ਼ਾਨਦਾਰ ਰੰਗਤ 'ਤੇ ਇੱਕ ਨਜ਼ਰ ਮਾਰੋ. ਪੰਛੀਆਂ ਦੀ ਚੀਕ-



ਵਿਜੈ ਗਰਗ, ਮਲੋਟ

ਚਿਹਾੜਾ, ਹੌਲੀ-ਹੌਲੀ ਵਗਦੀ ਹਵਾ, ਅਸਮਾਨ ਦੀ ਲਾਲੀ, ਜਿਵੇਂ ਸੂਰਜ ਨੇ ਪਰਦੇ ਨਾਲ ਢੱਕਿਆ ਹੋਵੇ। ਬਗੀਚੇ ਵਿੱਚ ਕਸਰਤ ਕਰ ਰਹੇ ਨੌਜਵਾਨ, ਬੁੱਢੇ ਲੋਕ ਗੱਲਾਂ ਕਰਦੇ ਹਨ ਜਾਂ ਤੇਜ਼ ਚੱਲਦੇ ਹਨ, ਬੱਚੇ ਦੌੜਦੇ ਹਨ ਅਤੇ ਰੌਲਾ ਪਾਉਂਦੇ ਹਨ। ਹਰ ਕੋਈ ਚਾਹੁੰਦਾ ਹੈ ਕਿ ਅੱਜ ਕੁਦਰਤ ਨਾਲ ਖੇਡੇ, ਪਤਾ ਨਹੀਂ ਕੱਲ੍ਹ ਇਹ ਸਾਡੇ ਨਾਲ ਨਾਰਾਜ਼ ਹੋ ਜਾਵੇ। ਉਨ੍ਹਾਂ ਨਾਲ ਕਦੇ-ਕਦਾਈਂ ਗੱਲ ਕਰੋ ਅਤੇ ਦੇਖੋ ਕਿ ਭਵਿੱਖ ਦੇ ਸੁਪਨੇ ਉਨ੍ਹਾਂ ਦੇ ਸ਼ਬਦਾਂ ਵਿਚ ਕਿਵੇਂ ਝਲਕਦੇ ਹਨ।

ਪਤਝੜ ਇੱਕ ਵਿਚਾਰ ਹੈ, ਸਮੇਂ ਦਾ, ਤਬਦੀਲੀ ਦਾ, ਜੀਵਨ ਦਾ, ਸੰਘਰਸ਼ ਦਾ। ਬਨਸਪਤੀ ਵਿਗਿਆਨੀ ਕਹਿੰਦੇ ਹਨ, ਪਤਝੜ ਦੇ ਇਸ ਸਮੇਂ ਰੁੱਖਾਂ ਦੇ ਅੰਦਰ ਇੱਕ ਰਿੰਗ ਬਣ ਜਾਂਦੀ ਹੈ। ਇਸ ਰਿੰਗ ਨੂੰ ਗਿਣ ਕੇ ਰੁੱਖ ਦੀ ਉਮਰ ਦਾ ਪਤਾ ਲਗਾਇਆ ਜਾਂਦਾ ਹੈ। ਜਿੰਨੇ ਜ਼ਿਆਦਾ ਰਿੰਗ, ਓਨੇ ਸਾਲ। ਜਦੋਂ ਦਰਖਤ ਦੇ ਸਾਰੇ ਪੱਤੇ ਉਸ ਤੋਂ ਟੁੱਟ ਜਾਂਦੇ ਹਨ, ਤਾਂ ਰੁੱਖ ਬਹੁਤ ਬਦਸੂਰਤ ਲੱਗਦਾ ਹੈ। ਲੋਕ ਉਸ ਵੱਲ ਦੇਖਦੇ ਹਨ ਅਤੇ ਹਾਸਾ ਭਰਦੇ ਹਨ ਕਿ ਇਕ ਵਾਰ ਇਹ ਵੀ ਹਰਿਆਲੀ ਸੀ। ਇਸ ਦੇ ਪੱਤਿਆਂ ਦੀ ਗੂੰਜ ਕਿੰਨੀ ਵਧੀਆ ਸੀ। ਅਸੀਂ ਇਸ ਦੀ ਛਾਂ ਵਿੱਚ ਬਹੁਤ ਮਸਤੀ ਕੀਤੀ। ਪਰ ਹੁਣ ਉਹ ਚੀਜ਼ ਕਿੱਥੇ ਹੈ

ਜਿਹੜੇ ਰੁੱਖ 'ਤੇ ਅਜਿਹੇ ਵਿਅੰਗ ਕੱਸਦੇ ਹਨ, ਉਹ ਕੁਝ ਦੇਰ ਲਈ ਰੁਕ ਜਾਂਦੇ ਹਨ। ਇਸ ਸਮੇਂ ਇਹ ਰੁੱਖ ਆਪਣੇ ਬਾਹਰੀ ਆਰਾਮ ਦੇ ਪਲਾਂ ਵਿੱਚ ਹੈ। ਇਸ ਨੇ ਤੈਨੂੰ ਸਿਖਾਉਣ ਲਈ ਆਪਣੇ ਆਪ ਤੋਂ ਪੱਤੇ ਖੋਹ ਲਏ ਹਨ। ਜੇਕਰ ਇਹ ਨਗਨ ਅੱਜ ਤੁਹਾਡੇ ਸਾਹਮਣੇ ਦਿਖਾਈ ਦਿੰਦਾ ਤਾਂ ਤੁਸੀਂ ਬਿਲਕੁਲ ਵੀ ਦੇਰ ਨਹੀਂ ਕੀਤੀ। ਤੁਸੀਂ ਇਸ ਦਾ ਬਾਹਰੀ ਰੂਪ ਹੀ ਦੇਖਿਆ ਹੈ। ਕੁਝ ਦਿਨਾਂ ਬਾਅਦ ਇਸ ਵਿੱਚ ਨਵੇਂ ਪੱਤੇ ਉੱਗਣਗੇ, ਫਿਰ ਵੇਖੋ। ਨਰਮ, ਨਰਮ, ਨਰਮ ਪੱਤੇ. ਉਹ ਪੂਰੇ ਮੌਜ-ਮਸਤੀ ਨਾਲ ਆਉਂਦੇ ਰਹਿਣ-ਗੇ, ਪਤਾ ਵੀ ਨਹੀਂ ਲੱਗੇਗਾ ਕਿ ਕਦੋਂ ਇਹ ਦਰੱਖਤ ਪੂਰੀ ਤਰ੍ਹਾਂ ਹਰਿਆਲੀ ਨਾਲ ਢੱਕ ਗਿਆ।

ਹੁਣ ਭਾਵੇਂ ਪਤਝੜ ਆ ਰਹੀ ਹੈ, ਪਰ ਇਹ ਮਨੁੱਖ ਦੇ ਡਿੱਗੇ ਹੋਏ ਵਿਚਾਰਾਂ ਦੀ ਪਤਝੜ ਹੈ। ਇਸ ਤਰ੍ਹਾਂ ਦੇ ਵਿਚਾਰ, ਜਿਸ ਦੇਸ਼ ਵਿੱਚ ਹੰਕਾਰ, ਵੱਕਾਰ, ਪਰਉਪਕਾਰ, ਹੰਕਾਰ ਆਦਿ ਕੁਝ ਵੀ ਨਹੀਂ ਹੈ। ਜੇਕਰ ਅਜਿਹਾ ਹੈ ਤਾਂ ਕੇਵਲ ਸਵਾਰਥ, ਪੈਸਾ-ਲਾਲ, ਫਰੇਬ, ਚਲਾਕੀ, ਬੇਈਮਾਨੀ, ਝੂਠ ਅਤੇ ਫਰੇਬ, ਲੁੱਟ-ਖਸੁੱਟ ਆਦਿ ਜ਼ਾਬਤੇ ਨਾਲ ਭਰੇ ਪਏ ਹਨ। ਉਹ ਇਹਨਾਂ ਮੁਸੀਬਤਾਂ ਦੇ ਵਿਚਕਾਰ ਰਹਿ ਕੇ ਕੁਝ ਵੀ ਕਰ ਰਿਹਾ ਹੈ। ਹੁਣ ਰੁੱਖ ਨਹੀਂ ਹਨ, ਇਸ ਲਈ ਇਸ ਪਤਝੜ ਵਿੱਚ ਮਨੁੱਖ ਦੇ ਵਿਚਾਰ ਡਿੱਗਣੇ ਸ਼ੁਰੂ ਹੋ ਗਏ ਹਨ। ਵਿਚਾਰ ਡਿੱਗਦੇ ਰਹਿੰਦੇ ਹਨ। ਹੁਣ ਇਹ ਪਤਝੜ ਦੀ ਉਡੀਕ ਵੀ ਨਹੀਂ ਕਰਦਾ. ਕੁਦਰਤ ਤੋਂ ਦੂਰ ਹੋ ਕੇ ਉਸ ਦਾ ਸੁਭਾਅ ਵੀ ਭੁੱਲ ਗਿਆ ਹੈ।

ਇਸ ਰੁੱਤ ਤੋਂ ਬਾਅਦ ਸਿਰਫ਼ ਰੁੱਖਾਂ ਦਾ ਰੰਗ ਬਦਲਦਾ ਹੈ, ਪਰ ਮਨੁੱਖ ਦਾ ਰੰਗ ਨਹੀਂ ਬਦਲਦਾ। ਉਸ ਨੇ ਆਪਣੇ ਆਪ ਨੂੰ ਪੁਰਾਣੇ ਵਿਚਾਰਾਂ ਨਾਲ ਇਸ ਤਰ੍ਹਾਂ ਜੋੜ ਲਿਆ ਹੈ ਕਿ ਨਵੇਂ ਵਿਚਾਰਾਂ ਦਾ ਪ੍ਰਵੇਸ਼ ਰੁਕ ਗਿਆ ਹੈ। ਇਹ ਸੋਚਣਾ ਵੀ ਗਲਤ ਹੈ ਕਿ ਜਦੋਂ ਤੱਕ ਪੁਰਾਣੇ ਵਿਚਾਰਾਂ ਦਾ ਖਾਤਮਾ ਨਹੀਂ ਹੁੰਦਾ ਉਦੋਂ ਤੱਕ ਨਵੇਂ ਵਿਚਾਰ ਆਉਣਗੇ। ਰਚਨਾ ਹਮੇਸ਼ਾ ਵਿਨਾਸ਼ ਦੇ ਰਾਹ ਆਉਂਦੀ ਹੈ। ਇਸ ਗੱਲ ਨੂੰ ਹਰ ਕੋਈ ਸਮਝਦਾ ਹੈ, ਪਰ ਪੁਰਾਣੇ ਨੂੰ ਹਟਾਉਣਾ ਨਹੀਂ ਚਾਹੁੰਦਾ, ਤਾਂ ਨਵੇਂ ਵਿਚਾਰ ਕਿਵੇਂ ਆਉਣਗੇ?

ਪਤਝੜ ਵਿੱਚ ਨਵੀਂ ਊਰਜਾ ਦਾ ਸੁਨੇਹਾ ਹੁੰਦਾ ਹੈ ਜੋ ਜੀਵਨ ਨੂੰ ਪ੍ਰਫੁੱਲਤ ਕਰਦਾ ਹੈ। ਦਿਲ ਜੋਸ਼ ਅਤੇ ਜੋਸ਼ ਨਾਲ ਭਰ ਜਾਂਦਾ ਹੈ। ਹੁਣ ਸਾਨੂੰ ਕੁਦਰਤ ਦੀ ਗੂੰਜ ਨੂੰ ਜਾਣਨ ਅਤੇ ਸਮਝਣ ਲਈ ਸ਼ਹਿਰ ਤੋਂ ਦੂਰ ਜਾਣਾ ਪਵੇਗਾ। ਅਸੀਂ ਉਸ ਲਈ ਕੁਝ ਸਮਾਂ ਜ਼ਰੂਰ ਕੱਢਾਂਗੇ, ਪਰ ਸਾਡੇ ਅੰਦਰੋਂ ਪੁਰਾਣੇ ਅਤੇ ਗੰਦੇ ਵਿਚਾਰਾਂ ਨੂੰ ਕੱਢਣ ਦਾ ਕੋਈ ਰਾਹ ਨਹੀਂ ਹੈ। ਜੇਕਰ ਅਸੀਂ ਵਿਚਾਰਾਂ ਤੋਂ ਹਰਿਆਵਲ ਬਣਨਾ ਚਾਹੁੰਦੇ ਹਾਂ ਤਾਂ ਸਾਨੂੰ ਕੁਦਰਤ ਤੋਂ ਸਿੱਖਣਾ ਪਵੇਗਾ। ਫਿਰ ਸਾਡੇ ਵਿਹੜੇ ਵਿੱਚ ਡਿੱਗਦੇ ਵਿਚਾਰਾਂ ਦੀ ਪਤਝੜ ਨਹੀਂ ਆਵੇਗੀ।


ਕੁਦਰਤ ਨੇ ਇੱਕ ਵਾਰੀ ਫੇਰ ਮੋੜ ਲਿਆ ਹੈ। ਹੁਣ ਉਸ ਨੇ ਗੁੱਸਾ ਕਰਨਾ ਸ਼ੁਰੂ ਕਰ ਦਿੱਤਾ ਹੈ। ਜਿਹੜੇ ਲੋਕ ਕੁਦਰਤ ਦੇ ਸੰਗੀਤ ਨਾਲ ਜੁੜੇ ਹੋਏ ਹਨ, ਉਨ੍ਹਾਂ ਲਈ ਇਹ ਸਮਝਣਾ ਆਸਾਨ ਹੋ ਸਕਦਾ ਹੈ ਕਿ ਰਾਗ ਪੱਤਾਧਾਰ ਦੀ ਸੰਗੀਤ ਵਿੱਚ ਕੋਈ ਹੋਂਦ ਨਹੀਂ ਹੈ, ਪਰ ਇਹ ਜੀਵਨ ਵਿੱਚ ਹੈ। ਇਹ ਹਰ ਕਿਸੇ ਦੇ ਜੀਵਨ ਵਿੱਚ ਆਪਣਾ ਪ੍ਰਭਾਵ ਦਿਖਾਉਂਦਾ ਹੈ। ਇਹ ਉਹ ਰਾਗ ਹੈ ਜੋ ਵਿਦਾਇਗੀ ਸਮੇਂ ਗਾਇਆ ਜਾਂਦਾ ਹੈ। ਅਲਵਿਦਾ ਵਿਅਕਤੀ ਨੂੰ ਨਹੀਂ, ਸਗੋਂ ਉਸਦੇ ਬੁਰੇ ਕੰਮਾਂ, ਮਾੜੇ ਵਿਚਾਰਾਂ ਨੂੰ. ਬਹੁਤ ਸਾਰੇ ਲੋਕ ਅਜਿਹੇ ਹਨ ਜਿਨ੍ਹਾਂ ਦੇ ਜੀਵਨ ਵਿੱਚ ਇਹ ਰਾਗ ਹਮੇਸ਼ਾ ਖੇਡਿਆ ਗਿਆ ਹੈ। ਪਰ ਬਹੁਤ ਸਾਰੇ ਅਜਿਹੇ ਹਨ ਜੋ ਇਸ ਵਿੱਚ ਜੀਵਨ ਦੇ ਅਰਥ ਲੱਭਦੇ ਹਨ। ਇਸ ਵਿਚ ਅੱਧੇ ਕਾਮਯਾਬ ਲੋਕ ਹੀ ਜੀ ਸਕਦੇ ਹਨ ਅਤੇ ਜੋ ਇਸ ਵਿਚ ਜੀਵਨ ਦਾ ਪੂਰਾ ਅਰਥ ਲੱਭ ਲੈਂਦੇ ਹਨ, ਉਹ ਮਹਾਤਮਾ ਬਣ ਜਾਂਦੇ ਹਨ।

ਦਿਨ ਦਾ ਸੂਰਜ ਗਰਮ ਹੁੰਦਾ ਜਾ ਰਿਹਾ ਹੈ। ਹਵਾਵਾਂ ਚੱਲਣ ਲੱਗ ਪਈਆਂ ਹਨ, ਪੱਤਿਆਂ ਦੀ ਗੜਗੜਾਹਟ ਵੀ ਕੁਝ ਤਬਦੀਲੀ ਦਾ ਪ੍ਰਭਾਵ ਦਿੰਦੀ ਹੈ। ਇੱਕ ਬੰਦ ਖਿੜਕੀ ਦੇ ਕੋਲ ਸੌਣਾ, ਸ਼ਾਮ-ਸ਼ਾਮ ਵੀ, ਕੁਝ ਨਵਾਂ ਹੋਣ ਦਾ ਸੰਕੇਤ ਦੇਣ ਲੱਗ ਪਿਆ ਹੈ। ਇਸ ਸਭ ਦਾ ਮਤਲਬ ਇਹ ਹੈ ਕਿ ਕੁਦਰਤ ਨੇ ਆਪਣੇ ਕੱਪੜੇ ਬਦਲਣੇ ਸ਼ੁਰੂ ਕਰ ਦਿੱਤੇ ਹਨ। ਮਨੁੱਖੀ ਭਾਸ਼ਾ ਵਿੱਚ ਕਿਹਾ ਜਾ ਸਕਦਾ ਹੈ ਕਿ ਕੁਦਰਤ ਨੇ ਆਪਣਾ ਚੋਲਾ ਬਦਲਣਾ ਸ਼ੁਰੂ ਕਰ ਦਿੱਤਾ ਹੈ। ਪਰ ਜੇਕਰ ਕੁਦਰਤ ਦੇ ਇਸ ਬਦਲਾਅ ਵੱਲ ਥੋੜ੍ਹਾ ਜਿਹਾ ਧਿਆਨ ਦਿੱਤਾ ਜਾਵੇ ਤਾਂ ਅਸੀਂ ਸਮਝ ਸਕਾਂਗੇ ਕਿ ਇਹ ਕੁਦਰਤ ਦੇ ਆਰਾਮ ਦਾ ਪਲ ਹੈ। ਕੋਈ ਨਵਾਂ ਕਰਨ ਤੋਂ ਪਹਿਲਾਂ ਬੰਦਾ ਵੀ ਕੁਝ ਸੋਚਦਾ ਹੈ। ਕੁਦਰਤ ਵੀ ਇਸ ਕੋਸ਼ਿਸ਼ ਵਿੱਚ ਹੈ, ਕਿਉਂਕਿ ਉਸ ਕੋਲ ਅਜੇ ਵੀ ਸਾਨੂੰ ਦੇਣ ਲਈ ਬਹੁਤ ਕੁਝ ਹੈ। ਹੁਣ ਇਹ ਮਨੁੱਖ 'ਤੇ ਨਿਰਭਰ ਕਰਦਾ ਹੈ ਕਿ ਉਹ ਕੀ, ਕਿੰਨਾ ਲੈਂਦਾ ਹੈ?

ਜ਼ਰੂਰ ਜਾਣੋ; ਗਿਆਨ ਗੰਗਾ

|| ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ||

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?




ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM

Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM
TV-nri 7:30am- 8:30am,TV-nri 8:30pm- 9:30pm

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224

ਆਪਣੇ ਮਨ ਪਸੰਦ ਦੇ ਸੂਟ, ਸ਼ਾਲ, ਲਹਿੰਗਾ ਅਤੇ ਡੀਜ਼ਾਈਨਰ ਸੂਟ ਲੈਣ ਲਈ ਸੰਪਰਕ ਕਰੋ:
01191-9779100149



# ਚੋਣਾਂ ਵਿਚ ਵੱਡੇ ਬਾਦਲ ਤੇ ਰਾਜੇਵਾਲ ਨਾਲ ਵੋਟਰਾਂ ਨੇ ਸਭ ਤੋਂ ਮਾੜੀ ਕੀਤੀ

### * ਸੁਖਬੀਰ, ਚੰਨੀ ਤੇ ਸਿੱਧੂ ਦੇ ਭਵਿੱਖ ਉੱਤੇ ਸਵਾਲੀਆ ਚਿੰਨ੍ਹ



ਬਠਿੰਡਾ, 13 ਮਾਰਚ (ਪੋਸਟ ਬਿਊਰੋ)- ਬੀਤੀ ਦਸ ਮਾਰਚ ਨੂੰ ਆਏ ਸੋਲ੍ਹਵੀਂ ਪੰਜਾਬ ਵਿਧਾਨ ਸਭਾ ਦੇ ਹੈਰਾਨੀਜਨਕ ਨਤੀਜੇ ਨੇ ਅੱਜ ਤਕ ਦਾ ਸਿਆਸੀ ਇਤਿਹਾਸ ਬਦਲ ਦਿੱਤਾ ਹੈ। ਆਖਰੀ ਉਮਰੇ ਮਿਲੀ ਕਰਾਰੀ ਹਾਰ ਪੰਜਾਬ ਸਿਆਸਤ ਦੇ ਬਾਬਾ ਬੋਹੜ ਮੰਨੇ ਜਾਂਦੇ ਪ੍ਰਕਾਸ਼ ਸਿੰਘ ਬਾਦਲ ਲਈ ਕਿਸੇ ਸਦਮੇ ਤੋਂ ਘੱਟ ਨਹੀਂ। ਦਿੱਲੀ ਵਿੱਚ ਸਾਲ ਤੋਂ ਵੱਧ ਸਮਾਂ ਦੁਨੀਆ ਵਿੱਚ ਪ੍ਰਸਿੱਧੀ ਹਾਸਲ ਕਰ ਚੁੱਕੇ ਕਿਸਾਨ ਅੰਦੋਲਨ ਦੇ ਮੋਹਰੀ ਆਗੂ ਬਲਬੀਰ ਸਿੰਘ ਰਾਜੇਵਾਲ ਨਾਲ ਵੀ ਇਨ੍ਹਾਂ ਚੋਣਾਂ ਵਿੱਚ ਕਾਫੀ ਮਾੜੀ ਹੋਈ ਹੈ। ਦੋਵੇਂ ਆਗੂ ਬਜ਼ੁਰਗ ਉਮਰੇ ਹੋਣ ਕਾਰਨ ਛੇਤੀ ਕੀਤਿਆਂ ਹਾਰ ਵਾਲੇ ਧੱਬੇ ਨੂੰ ਧੋਣ ਦੀ ਸਮਰੱਥਾ ਵਿੱਚ ਵੀ ਨਹੀਂ। ਪੰਜਾਬ ਦੇ ਲੋਕਦੋਵਾਂ ਆਗੂਆਂ ਦੇ ਚੋਣ ਲੜਨ ਦੇ ਫੈਸਲੇ ਨੂੰ ਗਲਤ ਮੰਨਦੇ ਹਨ।

ਇਸੇ ਤਰ੍ਹਾਂ ਇਨ੍ਹਾਂ ਚੋਣ ਨਤੀਜਿਆਂ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਦਾ ਭਵਿੱਖ ਵੀ ਦਾਅ ਉੱਤੇ ਲਾ ਦਿੱਤਾ ਹੈ। ਇਨ੍ਹਾਂ ਤਿੰਨੇ ਆਗੂਆਂ ਦੀਆਂ ਲੱਤਾਂ ਖਿੱਚਣ ਵਾਲਿਆਂ ਦੀ ਪਹਿਲਾਂ ਹੀ ਲੰਮੀ ਲਾਈਨ ਹੈ। ਲਗਾਤਾਰ ਦੋ ਵਾਰ ਨਮੋਸ਼ੀ ਭਰੀ ਹਾਰ ਦੇ ਨਾਲ ਅਕਾਲੀ ਦਲ ਦੇ ਮੁਖੀਅਤੇ ਖਾਸਕਰ ਬਾਦਲ ਪਰਵਾਰ ਨੂੰ ਅਗਲੇ ਸਮੇਂ ਵਿੱਚ ਭਾਜਪਾ ਵੱਡੇ ਝਟਕੇ ਦੇ ਸਕਦੀ ਹੈ। ਚੰਨੀ ਅਤੇ ਸਿੱਧੂ ਦੇ ਮੁੜ ਕੇ ਮੁੱਖ ਮੰਤਰੀ ਬਣਨ ਦੀਆਂ ਆਸਾਂ ਮੱਧਮ ਹੋ ਗਈਆਂ ਹਨ। ਇਸੇ ਤਰ੍ਹਾਂ ਅੰਤਰਰਾਸ਼ਟਰੀ ਪ੍ਰਸਿੱਧੀ ਵਾਲੇ ਗਾਇਕ ਸਿੱਧੂ ਮੂਸੇਵਾਲਾ ਲਈ ਵੀ ਇਹ ਚੋਣ ਸਾਰੀ ਉਮਰ ਨਾ ਭੁੱਲਣ ਵਾਲੀ ਯਾਦ ਬਣ ਗਈ ਹੈ। ਸਿਆਸੀ ਪਿੜ ਵਿੱਚ ਆਉਣ ਤੋਂ ਪਹਿਲਾਂ ਮੂਸੇਵਾਲਾ ਹਰ ਵਰਗ ਦਾ ਗਾਇਕ ਮੰਨਿਆ ਜਾਂਦਾ ਸੀ, ਚੋਣ ਮੈਦਾਨ ਵਿੱਚ ਕੁੱਦਣ ਤੋਂ ਬਾਅਦ ਉਹ ਕਾਂਗਰਸ ਦਾ ਆਗੂ ਬਣ ਕੇ ਰਹਿ ਗਿਆ। ਇਸ ਤੋਂ ਵਿਨਾ ਕੋਰੋਨਾ ਮਹਾਮਾਰੀ ਵੇਲੇ ਸੇਵਾ ਦੇ ਖੇਤਰ ਵਿੱਚ ਪੰਜਾਬੀਆਂ ਦਾ ਨਾਂਅ ਦੇਸ਼-ਵਿਦੇਸ਼ ਵਿੱਚ ਕਮਾਉਣ ਵਾਲੇ ਸੋਨੂੰ ਸੂਦ ਲਈ ਵੀ ਆਪਣੀ ਭੈਣ ਨੂੰ ਚੋਣ ਲੜਾਉਣਾ ਕਾਫੀ ਮਹਿੰਗਾ ਸਾਬਤ ਹੋਇਆ ਹੈ। ਫਿਰੋਜ਼ਪੁਰ ਦਿਹਾਤੀ ਤੋਂ ਆਮ ਆਦਮੀ ਪਾਰਟੀ ਛੱਡਣ ਵਾਲੇ ਆਸ਼ੂ ਬੰਗੜ ਨੂੰ ਆਪਣੇ ਫੈਸਲੇ ਉੱਤੇ ਸਾਰੀ ਉਮਰ ਪਛਤਾਵਾ ਰਹੇਗਾ। ਬਠਿੰਡਾ ਦਿਹਾਤੀ ਹਲਕੇ ਤੋਂ ਪਹਿਲੀ ਸੱਟੇ ਆਮ ਆਦਮੀ ਪਾਰਟੀ ਦੀ ਟਿਕਟ ਉੱਤੇ ਵਿਧਾਇਕ ਬਣਨ ਵਾਲੀ ਰੁਪਿੰ-ਦਰ ਕੌਰ ਰੂਬੀ ਨੂੰ ਹਾਰਨ ਦੇ ਡਰੋਂ ਕਾਂਗਰਸ ਵਿੱਚ ਸ਼ਾਮਲ ਹੋਣਾ ਰਾਸ ਨਹੀਂ ਆਇਆ ਅਤੇ ਮਲੋਟ ਤੋਂ ਜ਼ਮਾਨਤ ਜ਼ਬਤ ਕਰਵਾਉਣ ਵਾਲੀ ਬੀਬੀ ਰੂਬੀ ਇਸ ਦੁੱਖ ਨੂੰ ਵੀ ਕਦੇ ਨਹੀਂ ਭੁੱਲੇਗੀ।

# ਸ਼ੋਪੀਆਂ ਵਿੱਚ ਅੱਤਵਾਦੀ ਹਮਲਾ, ਜਵਾਨ ਸ਼ਹੀਦ



ਸ੍ਰੀਨਗਰ, 13 ਮਾਰਚ (ਪੋਸਟ ਬਿਊਰੋ)- ਜੰਮੂ-ਕਸ਼ਮੀਰ ਵਿੱਚ ਸੁਰੱਖਿਆ ਫੋਰਸਾਂ ਨਾਲ ਤਿੰਨ ਵੱਖ-ਵੱਖ ਮੁਕਾਬਲਿਆਂ ਵਿੱਚ ਕੱਲ੍ਹ ਚਾਰ ਅੱਤਵਾਦੀ ਮਾਰੇ ਗਏ ਅਤੇ ਇੱਕ ਗ੍ਰਿਫਤਾਰ ਕਰ ਲਿਆ ਗਿਆ।

ਇਹ ਮੁਕਾਬਲੇ ਕਸ਼ਮੀਰ ਵਾਦੀ ਦੇ ਪੁਲਵਾਮਾ, ਗੰਦਰਬਲ ਤੇ ਕੁਪਵਾੜਾ ਜ਼ਿਲ੍ਹਿਆਂ ਵਿੱਚ ਹੋਏ। ਦੱਖਣੀ ਕਸ਼ਮੀਰ ਵਿੱਚ ਪੁਲਵਾਮਾ ਦੇ ਚੇਵਾਕਲਾਂ ਇਲਾਕੇ ਵਿੱਚ ਸ਼ੁੱਕਰਵਾਰ ਸਾਰੀ ਰਾਤ ਮੁਕਾਬਲਾ ਚਲਦਾ ਰਿਹਾ, ਜਿਸ ਦੌਰਾਨ ਜੈਸ਼ ਏ ਮੁਹੰਮਦ ਦੇ ਦੋ ਅੱਤਵਾਦੀ ਅਤੇ ਇੱਕ ਪਾਕਿਸਤਾਨੀ ਕਮਾਂਡਰ ਮਾਰਿਆ ਗਿਆ।ਕੇਂਦਰੀ ਕਸ਼ਮੀਰ ਦੇ ਗੰਦਰਬਲ ਜ਼ਿਲ੍ਹੇ ਦੇ ਸੇਰਚ ਇਲਾਕੇ ਵਿੱਚ ਕੱਲ੍ਹ ਤੜਕੇ ਸੁਰੱਖਿਆ ਫੋਰਸਾਂ ਤੇ ਅੱਤਵਾਦੀਆਂ ਵਿਚਾਲੇ ਮੁਕਾਬਲਾ ਹੋਇਆ। ਇਸ ਦੌਰਾਨ ਜੈਸ਼ ਦਾ ਇੱਕ ਅੱਤਵਾਦੀ ਮਾਰਿਆ ਗਿਆ। ਉਤਰੀ ਕਸ਼ਮੀਰ ਦੇ ਕੁਪਵਾੜਾ ਜ਼ਿਲ੍ਹੇ ਦੇ ਹੰਦਵਾੜਾ ਦੇ ਨੇਚਮਾ ਰਜ਼ਵਾਰ ਇਲਾਕੇ ਵਿੱਚ ਸਵੇਰੇ ਇੱਕ ਹੋਰ ਮੁਕਾਬਲਾ ਹੋਇਆ, ਜਿਸ ਦੌਰਾਨ ਲਸ਼ਕਰ ਦਾ ਇੱਕ ਅੱਤਵਾਦੀ ਮਾਰਿਆ ਗਿਆ।

ਕਸ਼ਮੀਰ ਦੇ ਪੁਲਸ ਆਈ ਜੀ ਨੇ ਟਵੀਟ ਕੀਤਾ, "ਪੁਲਵਾਮਾ ਮੁਕਾਬਲੇ ਵਿੱਚ ਮਾਰੇ ਗਏ ਪਾਕਿਸਤਾਨੀ ਅੱਤਵਾਦੀ ਦੀ ਪਛਾਣ ਜੈਸ਼ ਏ ਮੁਹੰਮਦ ਦੇ ਕਮਾਂਡਰ ਕਮਾਲਭਾਈ ਜੱਟ ਵਜੋਂ ਹੋਈ ਹੈ। ਉਹ ਸਾਲ 2018 ਤੋਂ ਪੁਲ-ਵਾਮਾ-ਸ਼ੋਪੀਆਂ ਇਲਾਕੇ ਵਿੱਚ ਸਰਗਰਮ ਸੀ। ਇੱਕ ਹੋਰ ਮੁਕਾਬਲੇ ਦੌਰਾਨ ਲਸ਼ਕਰ ਏ ਤੋਇਬਾ (ਐਲ ਈ ਟੀ) ਦਾ ਇੱਕ ਅੱਤਵਾਦੀ ਮਾਰਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਤਰੀ ਕਸ਼ਮੀਰ ਦੇ ਕੁਪਵਾੜਾ ਜ਼ਿਲ੍ਹੇ ਦੇ ਹੰਦਵਾੜਾ ਦੇ ਨੇਚਮਾ ਰਜਵਾਰ ਇਲਾਕੇ ਵਿੱਚ ਸਵੇਰੇ ਇੱਕ ਹੋਰ ਮੁਕਾਬਲੇ ਵਿੱਚ ਲਸ਼ਕਰ ਦਾ ਇੱਕ ਅੱਤਵਾਦੀ ਮਾਰਿਆ ਗਿਆ।ਕੁਮਾਰ ਨੇ ਕਿਹਾ, "ਅਸੀਂ ਬੀਤੀ ਰਾਤ ਚਾਰ-ਪੰਜ ਸਥਾਨਾਂ ਉੱਤੇ ਸਾਂਝੀ ਮੁਹਿੰਮ ਸ਼ੁਰੂ ਕੀਤੀ ਸੀ। ਅੱਜ ਤਕ ਪੁਲਵਾਮਾ ਵਿੱਚ ਇੱਕ ਪਾਕਿਸਤਾਨੀ ਸਣੇ ਜੈਸ਼-ਏ-ਮੁਹੰਮਦ ਦੇ ਦੋ ਅੱਤਵਾਦੀ, ਗੰਦਰਬਲ ਅਤੇ ਹੰਦਵਾੜਾ ਵਿੱਚ ਲਸ਼ਕਰੇ ਤੋਇਬਾ ਦਾ ਇੱਕ-ਇੱਕ ਅੱਤਵਾਦੀ ਮਾਰਿਆ ਗਿਆ। ਇੱਕ ਅੱਤਵਾਦੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਓਧਰ ਦੱਖਣੀ ਕਸ਼ਮੀਰ ਦੇ ਸ਼ੋਪੀਆਂ ਜ਼ਿਲ੍ਹੇ ਵਿੱਚ ਬੀਤੀ ਸ਼ਾਮ ਛੁੱਟੀ ਉੱਤੇ ਆਏ ਸੀ ਆਰ ਪੀ ਐਫ ਦੇ ਜਵਾਨ ਮੁਖਤਾਰ ਅਹਿਮਦ ਵਾਸੀ ਚੈਕ ਛੋਟਾਪੁਰਾ ਸ਼ੋਪੀਆਂ ਨੂੰ ਅੱਤਵਾਦੀਆਂ ਨੇ ਗੋਲੀ ਮਾਰ ਕੇ ਸ਼ਹੀਦ ਕਰ ਦਿੱਤਾ।

## ਨਵਜੋਤ ਸਿੱਧੂ ਦੱਸਣ ਕਿ ਪ੍ਰਧਾਨ ਬਣਨ ਪਿੱਛੋਂ ਉਨ੍ਹਾਂ ਦੀ ਮੰਜੀ ਕਾਂਗਰਸ ਭਵਨ 'ਚ ਕਿਉਂ ਨਹੀਂ ਸੀ ਲੱਗੀ: ਸੁੱਖੀ ਰੰਧਾਵਾ

ਜਲੰਧਰ, 13 ਮਾਰਚ (ਪੋਸਟ ਬਿਊਰੋ)- ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਕੱਲ੍ਹ ਫਿਰ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਉੱਤੇ ਹਮਲਾ ਕਰਦਿਆਂ ਕਿਹਾ ਕਿ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਆਮ ਆਦਮੀ ਪਾਰਟੀ ਦੇ ਪੰਜਾਬ ਦੇ ਪ੍ਰਧਾਨ ਭਗਵੰਤ ਮਾਨ ਨੂੰ ਸਿੱਧੂ ਦਾ ਧੰਨਵਾਦ ਕਰਨਾ ਚਾਹੀਦਾ ਹੈ, ਜਿਸ ਨੇ ਕਾਂਗਰਸ ਦੀ ਕਿਸ਼ਤੀ ਡੁਬੋ ਦਿੱਤੀ ਹੈ। ਰੰਧਾਵਾ ਨੇ ਕਿਹਾ ਕਿ 'ਸਿੱਧੂ ਦੀ ਬਿਆਨਬਾਜ਼ੀ ਕਾਰਨ ਕਾਂਗਰਸ ਦੀ ਇੰਨੀ ਮਾੜੀ ਹਾਲਤ ਹੋਈ ਹੈ, ਮੇਰੀ ਗੱਲ ਕਈ ਆਗੂਆਂ ਨੂੰ ਬੁਰੀ ਲੱਗ ਸਕਦੀ ਹੈ ਤੇ ਕਈ ਨੇਤਾ ਮੇਰੀਆਂ ਸ਼ਿਕਾਇਤਾਂ ਵੀ ਕਰ ਸਕਦੇ ਹਨ, ਪਰ ਮੈਂ ਹਮੇਸ਼ਾ ਸੱਚੀ ਗੱਲ ਕਰਦਾ ਹਾਂ। ਕਾਂਗਰਸ ਹਾਈ ਕਮਾਨ ਨੂੰ ਸਿੱਧੂ ਉੱਤੇ ਸ਼ਿਕੰਜਾ ਕੱਸਣਾ ਚਾਹੀਦਾ ਸੀ। ਸਿੱਧੂ ਵਿੱਚ 'ਮੈਂ' ਆ ਗਈ ਸੀ ਅਤੇ ਇਸ ਦੀ ਸਜ਼ਾ ਲੋਕਾਂ ਨੇ ਸਿੱਧੂ ਦਾ ਹੰਕਾਰ ਤੋੜ ਕੇ ਦਿੱਤੀ ਹੈ।

ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ "ਹੋਰ ਪਾਰਟੀਆਂ ਤੋਂ ਆਏ ਆਗੂਆਂ ਨੂੰ ਮੰਤਰੀ ਜਾਂ ਵਿਧਾਇਕ ਬਣਾਉਣ ਵਿਚ ਕੋਈ ਮਾੜੀ ਗੱਲ ਨਹੀਂ, ਪਰ ਪਾਰਟੀ ਦਾ ਪ੍ਰਧਾਨ ਨਹੀਂ ਬਣਾਉਣਾ ਚਾਹੀਦਾ। ਭਾਜਪਾ ਨੇ ਕਦੇ ਸੰਗਠਨ ਦੇ ਬਾਹਰੋਂ ਆਏ ਵਿਅਕਤੀ ਨੂੰ ਪ੍ਰਧਾਨਗੀ ਜਾਂ ਮੁੱਖ ਮੰਤਰੀ ਦਾ ਅਹੁਦਾ ਨਹੀਂ ਦਿੱਤਾ। ਸਿੱਧੂ ਨੇ ਕਿਹਾ ਸੀ ਕਿ ਪ੍ਰਧਾਨ ਬਣਨ ਪਿੱਛੋਂ ਮੇਰੀ ਮੰਜੀ ਕਾਂਗਰਸ ਭਵਨ ਚੰਡੀਗੜ੍ਹ ਵਿੱਚ ਲੱਗੇਗੀ, ਪਰ ਉਹ ਇੱਕ ਦਿਨ ਵੀ ਉਥੇ ਮੰਜੇ ਉੱਤੇ ਬੈਠੇ ਨਜ਼ਰ ਨਹੀਂ ਆਏ। ਉਥੇ ਤਾਂ ਮੰਜੀ ਵੀ ਨਜ਼ਰ ਨਹੀਂ ਆਈ। ਮੰਜੀ ਦੀ ਗੱਲ ਵੱਖਰੀ ਹੈ, ਸਿੱਧੂ ਕਦੇ ਪ੍ਰਧਾਨ ਦੀ ਕੁਰਸੀ ਉੱਤੇ ਜਾ ਕੇ ਵੀ ਨਹੀਂ ਬੈਠੇ। ਉਨ੍ਹਾਂ ਕਦੇ ਵੀ ਕਾਂਗਰਸ ਦੇ ਵਿਧਾਇਕਾਂ ਤੇ ਮੰਤਰੀਆਂ ਦੀ ਬੈਠਕ ਨਹੀਂ ਸੱਦੀ।" ਉਨ੍ਹਾਂ ਕਿਹਾ ਕਿ "ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਭਰਾ ਨੇ ਜਦੋਂ ਆਜ਼ਾਦ ਉਮੀਦਵਾਰ ਚੋਣ ਲੜਨ ਦਾ ਐਲਾਨ ਕੀਤਾ ਤਾਂ ਚੰਨੀ ਨੂੰ ਆਪਣੇ ਭਰਾ ਨਾਲੋਂ ਨਾਤਾ ਤੋੜਨਾ ਚਾਹੀਦਾ ਸੀ। ਪਾਰਟੀ ਅਨੁਸ਼ਾਸਨ ਤੋਂ ਵੱਡੀ ਕੋਈ ਚੀਜ਼ ਨਹੀਂ। ਕੈਪਟਨ ਅਮਰਿੰਦਰ ਸਿੰਘ ਬਾਰੇ ਉਨ੍ਹਾਂ ਕਿਹਾ ਕਿ ਗੁਟਕਾ ਸਾਹਿਬ ਦੀ ਸਹੁੰ ਚੁੱਕ ਕੇ ਨਸ਼ਿਆਂ ਨੂੰ ਖਤਮ ਨਾ ਕਰਨ ਦੇ ਕਾਰਨ ਉਨ੍ਹਾਂ ਨੂੰ ਗੁਰੂ ਮਹਾਰਾਜ ਨੇ ਸਜ਼ਾ ਦਿੱਤੀ ਹੈ। ਕਾਂਗਰਸ ਸਰਕਾਰ ਨੂੰ ਵੀ ਇਸੇ ਦੀ ਸਜ਼ਾ ਮਿਲੀ ਹੈ ਕਿਉਂਕਿ ਉਹ ਬਰਗਾੜੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾ ਨਹੀਂ ਦੇ ਸਕੀ।

## ਬੀਬੀ ਜਗੀਰ ਕੌਰ ਨੇ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਛੱਡੀ, ਵਿਧਾਇਕੀ ਵੀ ਨਾ ਮਿਲ ਸਕੀ

ਭੁਲੱਥ, 13 ਮਾਰਚ (ਪੋਸਟ ਬਿਊਰੋ)- ਭੁਲੱਥ ਤੋਂ ਅਕਾਲੀ ਉਮੀਦਵਾਰ ਬੀਬੀ ਜਗੀਰ ਕੌਰ ਦੀ ਵਿਧਾਇਕ ਬਣਨ ਦੀ ਇੱਛਾ ਪੂਰੀ ਨਹੀਂ ਹੋ ਸਕੀ ਤੇ ਚੋਣ ਲੜਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਛੱਡਣ ਦਾ ਵੀ ਕੋਈ ਲਾਭ ਨਹੀਂ ਹੋਇਆ। ਸਾਰੇ ਸੂਬੇ ਵਿੱਚ ਇਸ ਵਾਰ ਅਕਾਲੀ ਦਲ ਦੀ ਰਿਕਾਰਡ ਤੋੜ ਹਾਰ ਦਾ ਅਸਰ ਹਲਕਾ ਭੁਲੱਥ ਉੱਤੇ ਵੀ ਪਿਆ। ਫਰਕ ਇਹ ਹੈ ਕਿ ਇੱਥੇ ਬੀਬੀ ਜਗੀਰ ਕੌਰ ਨੂੰ ਹਰਾਉਣ ਵਾਲਾ ਆਗੂ ਆਮ ਆਦਮੀ ਪਾਰਟੀ ਦਾ ਨਹੀਂ, ਸਗੋਂ ਕਾਂਗਰਸ ਦੇ ਸੁਖਪਾਲ ਸਿੰਘ ਖਹਿਰਾ ਹਨ, ਜਿਨ੍ਹਾਂ 9225 ਵੋਟਾਂ ਦੇ ਫਰਕ ਨਾਲ ਸੀਟ ਜਿੱਤੀ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ, ਬਹਿਬਲ ਕਲਾਂ ਗੋਲੀ ਕਾਂਡ ਤੇ ਡੇਰਾ ਸਿਰਸਾ ਦੀਆਂ ਘਟਨਾਵਾਂ ਨੇ ਪੰਜਾਬ ਵਿੱਚ ਅਕਾਲੀ ਦਲ ਦਾ ਪਿੱਛਾ ਨਹੀਂ ਛੱਡਿਆ। ਭੁਲੱਥ ਵਿੱਚ ਜਗੀਰ ਕੌਰ ਦੀ ਹਾਰ ਦਾ ਮੁੱਖ ਕਾਰਨ ਵੋਟਾਂ ਦੀ ਵੰਡ ਅਤੇ ਲੁਬਾਣਾ ਬਰਾਦਰੀ ਵੱਲੋਂ ਸਾਥ ਨਾ ਦੇਣਾ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹੋਣ ਵੇਲੇ ਇਲਾਕੇ ਦੇ ਲੋਕਾਂ ਨਾਲ ਸੰਪਰਕ ਵਿੱਚ ਕਮੀਂ ਗਿਣਿਆ ਜਾਂਦਾ ਹੈ। ਏਸੇ ਲਈ 2017 ਵਿੱਚ ਜਿੱਥੇ ਬੀਬੀ ਜਗੀਰ ਕੌਰ ਦੇ ਜਵਾਈ ਯੁਵਰਾਜ ਭੁਪਿੰਦਰ ਸਿੰਘ ਨੇ 40,255 ਵੋਟਾਂ ਹਾਸਲ ਕੀਤੀਆਂ ਸਨ, ਇਸ ਵਾਰ ਬੀਬੀ ਨੂੰ ਮਸਾਂ 28029 ਵੋਟਾਂ ਮਿਲੀਆਂ ਹਨ।

## ਉੜੀਸਾ ਵਿੱਚ ਵਿਧਾਇਕ ਵੱਲੋਂ ਭੀੜ ਉਤੇ ਕਾਰ ਚਾੜ੍ਹਨ ਨਾਲ 7 ਪੁਲਸ ਮੁਲਾਜ਼ਮਾਂ ਸਮੇਤ 22 ਜ਼ਖਮੀ



ਭੁਵਨੇਸ਼ਵਰ, 13 ਮਾਰਚ (ਪੋਸਟ ਬਿਊਰੋ)- ਉੜੀਸਾ ਵਿੱਚ ਚਿਲਕਾ ਦੇ ਵਿਧਾਇਕ ਪ੍ਰਸ਼ਾਂਤ ਜਗਦੇਵ ਨੇ ਕੱਲ੍ਹ ਬਾਨਪੁਰ ਬਲਾਕ ਦਫਤਰ ਅੱਗੇ ਆਪਣੀ ਕਾਰ ਹੇਠ ਭੀੜ ਨੂੰ ਕੁਚਲ ਦਿੱਤਾ। ਇਸ ਕਾਰਨ ਸੱਤ ਪੁਲਸ ਮੁਲਾਜ਼ਮ ਅਤੇ 15 ਭਾਜਪਾ ਵਰਕਰਾਂ ਸਮੇਤ 22 ਵਿਅਕਤੀ ਜ਼ਖਮੀ ਹੋ ਗਏ।

ਖੋਰਧਾ ਦੇ ਪੁਲਸ ਮੁਖੀ ਆਲੇਖ ਚੰਦਰ ਪਾਹੀ ਨੇ ਕਿਹਾ ਕਿ ਸਭ ਜ਼ਖਮੀਆਂ ਨੂੰ ਹਸਪਤਾਲ ਦਾਖਲ ਕਰਾਇਆ ਹੈ। ਘਟਨਾ ਪਿੱਛੋਂ ਗੁੱਸੇ ਵਿੱਚ ਆਈ ਭੀੜ ਨੇ ਬੀਜੂ ਜਨਤਾ ਦਲ ਦੇ ਸਸਪੈਂਡ ਵਿਧਾਇਕ ਜਗਦੇਵ ਉੱਤੇ ਹਮਲਾ ਕਰ ਕੇ ਉਨ੍ਹਾਂ ਨੂੰ ਗੰਭੀਰ ਜ਼ਖਮੀ ਕਰ ਦਿੱਤਾ। ਉਸ ਨੂੰ ਤਾਂਗੀ ਦੇ ਇੱਕ ਹਸਪਤਾਲ ਵਿੱਚ ਦਾਖਲ ਕਰਾਇਆ ਗਿਆ। ਉਥੋਂ ਭੁਵਨੇਸ਼ਵਰ ਦੇ ਇੱਕ ਹਸਪਤਾਲ ਵਿਚ ਤਬਦੀਲ ਕਰ ਦਿੱਤਾ ਹੈ।ਭੀੜ ਨੇ ਵਿਧਾਇਕ ਦੀ ਕਾਰ ਵੀ ਤੋੜੀ ਹੈ। ਘਟਨਾ ਬਾਨਪੁਰ ਬਲਾਕ ਦੇ ਦਫਤਰ ਨੇੜੇ ਹੋਈ, ਜਿੱਥੇ ਬਲਾਕ ਪ੍ਰਧਾਨ ਦੀ ਚੋਣ ਚੱਲ ਰਹੀ ਸੀ। ਬਲਾਕ ਦਫਤਰ ਵਿੱਚ ਕਈ ਲੋਕ ਸਨ। ਭਾਜਪਾਦੇ ਜਨਰਲ ਸੈਕਟਰੀ ਪ੍ਰਿਥਵੀ ਰਾਜ ਨੇ ਘਟਨਾ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਅਜਿਹੇ ਵਿਧਾਇਕ ਨੂੰ ਉਸ ਦੇ ਗੈਰ ਮਨੁੱਖੀ ਕੰਮ ਲਈ ਜੇਲ੍ਹ ਦੀਆਂ ਸੀਖਾਂ ਪਿੱਛੇ ਹੋਣਾ ਚਾਹੀਦਾ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਮੁੱਖ ਮੰਤਰੀ ਨਵੀਨ ਪਟਨਾਇਕ ਜਗਦੇਵ ਵਿਰੁੱਧ ਸਖਤ ਤੇ ਢੁਕਵੀਂ ਕਾਰਵਾਈ ਕਰਨਗੇ।

## ਔਰਤ ਨੇ ਪਤੀ ਦਾ ਸਿਰ ਵੱਢ ਕੇ ਘਰ ਦੇ ਮੰਦਰ ਵਿੱਚ ਰੱਖਿਆ

ਅਗਰਤਲਾ, 13 ਮਾਰਚ (ਪੋਸਟ ਬਿਊਰੋ)- ਤ੍ਰਿਪੁਰਾ ਦੇ ਖੋਵਾਈ ਜ਼ਿਲ੍ਹੇ ਵਿੱਚ ਕੱਲ੍ਹ ਇੱਕ ਔਰਤ ਨੇ ਪੰਜਾਹ ਸਾਲਾ ਪਤੀ ਦਾ ਸਿਰ ਕਲਮ ਕਰ ਕੇ ਖੂਨ ਨਾਲ ਲਿੱਬੜੇ ਸਿਰ ਨੂੰ ਪਲਾ-ਸਟਿਕ ਦੇ ਥੈਲੇ ਵਿੱਚ ਪਾ ਕੇ ਪਰਵਾਰ ਦੇ ਮੰਦਰ ਵਿੱਚ ਰੱਖ ਦਿੱਤਾ। ਕਤਲ ਪਿੱਛੇ ਦਾ ਕਾਰਨ ਪਤਾ ਨਹੀਂ ਲੱਗ ਸਕਿਆ।

ਇਸ ਬਾਰੇ ਇਸ ਜੋੜੇ ਦੇ ਵੱਡੇ ਬੇਟੇ ਨੇ ਕਿਹਾ ਕਿ ਉਸ ਦੀ ਮਾਂ ਨੂੰ ਪਿੱਛੇਜਿਹੇ ਵਿੱਚ ਇੱਕ ਮਾਨਸਿਕ ਬਿਮਾਰੀ ਹੋ ਗਈ ਸੀ ਅਤੇ ਇੱਕ ਸਥਾਨਕ ਤਾਂਤਰਿਕ ਵੱਲੋਂ ਉਸ ਦਾ ਇਲਾਜ ਕੀਤਾ ਜਾ ਰਿਹਾ ਸੀ।ਇੰਦਰਾ ਕਾਲੋਨੀ ਪਿੰਡ ਵਿੱਚ ਇੱਕ 42 ਸਾਲਾ ਔਰਤ ਨੂੰ ਉਸ ਦੇ ਘਰ ਤੋਂ ਗ੍ਰਿਫਤਾਰ ਕੀਤਾ ਗਿਆ ਹੈ। ਉਹ ਆਪਣੇ ਪਤੀ ਰਵਿੰਦਰ ਤਾਂਤੀ ਅਤੇ ਦੋ ਨਾਬਾਲਗ ਪੁੱਤਰਾਂ ਨਾਲ ਉਥੇ ਰਹਿ ਰਹੀ ਸੀ। ਰਵਿੰਦਰ ਦਿਹਾੜੀਦਾਰ ਮਜ਼ਦੂਰ ਸੀ। ਬੇਟੇ ਨੇ ਕਿਹਾ, "ਮੇਰੀ ਮਾਂ ਹਮੇਸ਼ਾ ਸ਼ਾਕਾਹਾਰੀ ਰਹੀ ਹੈ, ਪਰਕੱਲ੍ਹ ਰਾਤ ਉਸ ਨੇ ਚਿਕਨ ਖਾਧਾ ਅਤੇ ਅਸੀਂ ਸਾਰੇ ਸੌਂ ਗਏ। ਅਚਾਨਕ ਮੈਂ ਜਾਗਿਆ ਤੇ ਦੇਖਿਆ ਕਿ ਮੇਰੇ ਪਿਤਾ ਦਾ ਸਿਰ ਵੱਢਿਆ ਹੋਇਆ ਸੀ। ਮੈਂ ਆਪਣੀ ਮਾਂ ਨੂੰ ਖੂਨ ਨਾਲ ਲੱਥਪਥ ਦਾਓ (ਤੇਜ਼ਧਾਰ ਹਥਿਆਰ) ਨਾਲ ਖੜ੍ਹੀ ਦੇਖ ਕੇ ਹੈਰਾਨ ਰਹਿ ਗਿਆ। ਜਦੋਂ ਅਸੀਂ ਰੌਲਾ ਪਾਇਆ ਤਾਂ ਉਹ ਕਮਰੇ ਵਿੱਚੋਂ ਬਾਹਰ ਆਈ ਅਤੇ ਮੇਰੇ ਪਿਤਾ ਦਾ ਸਿਰ ਸਾਡੇ ਮੰਦਰ ਵਿੱਚ ਰੱਖ ਦਿੱਤਾ।ਇਸ ਤੋਂ ਬਾਅਦ ਉਸ ਨੇ ਆਪਣੇ ਆਪ ਨੂੰ ਕਮਰੇ ਵਿੱਚ ਬੰਦ ਕਰ ਲਿਆ, ਜਿੱਥੋਂ ਪੁਲਸ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।" ਫੋਰੈਂਸਿਕ ਟੀਮ ਨੇ ਮੌਕੇ ਦਾ ਦੌਰਾ ਕਰ ਕੇ ਸਬੂਤ ਇਕੱਠੇ ਕਰ ਲਏ ਹਨ। ਦੋਸ਼ਣ ਦੀ ਮਾਨਸਿਕ ਬਿਮਾਰੀ ਬਾਰੇ ਚੱਕਰਵਰਤੀ ਨੇ ਕਿਹਾ ਕਿ ਡਾਕਟਰ ਦੀ ਰਿਪੋਰਟ ਤੋਂ ਬਿਨਾਂ ਉਹ ਇਸ ਬਾਰੇ ਕੋਈ ਟਿੱਪਣੀ ਨਹੀਂ ਕਰ ਕਰ ਸਕਦੇ।

# ਬਾਦਲਾਂ ਨਾਲ ਅਸੀਂ ਕਦੀ ਸਮਝੌਤਾ ਨਹੀਂ ਕਰਾਂਗੇ: ਭਾਈ ਮੋਹਕਮ ਸਿੰਘ

ਜਲੰਧਰ, 13 ਮਾਰਚ (ਪੋਸਟ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਸੰਯੁਕਤ ਨਾਲ ਸਬੰਧਤ ਖਾਲਸਾ ਪੰਥ ਦੀ ਵੱਡੀ ਧਾਰਮਿਕ ਹਸਤੀ ਭਾਈ ਮੋਹਕਮ ਸਿੰਘ ਅਤੇ ਜਨਰਲ ਸੈਕਟਰੀ ਤੇ ਬੁਲਾਰੇ ਮਨਜੀਤ ਸਿੰਘ ਭੋਮਾ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਖਾਲਸਾ ਪੰਥ ਤੇ ਸਮੁੱਚੇ ਪੰਜਾਬੀਆਂ ਨੇ ਬਰਗਾੜੀ ਬੇਅਦਬੀ ਕਾਂਡ ਅਤੇ ਬਹਿਬਲ ਕਲਾਂ ਗੋਲੀ ਕਾਂਡ ਦੇ ਮੁੱਖ ਦੋਸ਼ੀਆਂ ਨੂੰ ਲੱਕ ਤੋੜਵੀ ਹਾਰ ਦੇ ਕੇ ਸਖਤ ਸਜ਼ਾ ਦਿੱਤੀ ਹੈ। ਉਨ੍ਹਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਭਵਿੱਖ ਵਿੱਚ ਕਿਸੇ ਵੀ ਕੀਮਤ ਉੱਤੇ ਬਾਦਲਾਂ ਨਾਲ ਸਮਝੌਤਾ ਨਹੀਂ ਕਰੇਗਾ।

ਬਾਦਲ ਅਕਾਲੀ ਦਲ ਦੀ ਲੀਡਰਸ਼ਿਪ ਵੱਲੋਂ ਬਣਾਏ ਗਏ ਸ੍ਰੀ ਅਕਾਲ ਤਖਤ ਦੇ ਕਾਰਜਕਰੀ ਜਥੇਦਾਰ ਹਰਪ੍ਰੀਤ ਸਿੰਘ ਵੱਲੋਂ ਵੱਖ-ਵੱਖ ਅਕਾਲੀ ਦਲਾਂ ਨੂੰ ਇਕਜੁੱਟ ਹੋਣ ਦੀ ਅਪੀਲ ਉੱਤੇ ਅਫਸੋਸ ਜ਼ਾਹਰ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਵਿੱਚ ਬਾਦਲਾਂ ਦੀ ਹੋਈ ਲੱਕ ਤੋੜਵੀਂ ਹਾਰ ਤੋਂ ਬਾਅਦ ਜਥੇਦਾਰ ਦੀ ਜ਼ੁਬਾਨ ਅਤੇ ਅੱਖ ਕਿਉਂ ਖੁੱਲ੍ਹੀ ਹੈ, ਜਥੇਦਾਰ ਦੀ ਜ਼ੁਬਾਨ ਚੋਣਾਂ ਤੋਂ ਪਹਿਲਾਂ ਉਸ ਵੇਲੇ ਕਿਉਂ ਨਹੀਂ ਖੁੱਲ੍ਹੀ, ਜਦੋਂ ਅਕਾਲੀ ਦਲ ਬਾਦਲ ਵਿਧਾਨ ਸਭਾ ਚੋਣਾਂ ਵਿੱ-ਚ ਡੇਰਾ ਸਿਰਸਾ ਦੀ ਖੁੱਲ੍ਹੀ ਹਮਾਇਤ ਲੈ ਰਿਹਾ ਸੀ? ਉਨ੍ਹਾਂ ਕਿਹਾ ਕਿ ਡੇਰਾ ਮੁਖੀ ਨੂੰ ਬਿਨਾਂ ਮੰਗੀ ਮੁਆਫੀ ਦੇਣ ਵਾਲੇ ਜਿਨ੍ਹਾਂ ਲੋਕਾਂ ਦੇ ਰਾਜ ਵਿੱਚ 1978 ਵਿੱਚ ਨਿਰੰਕਾਰੀ ਕਾਂਡ ਹੋਇਆ, 2015 ਦੀ ਸਰਕਾਰ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ, ਬਰਗਾੜੀ ਬੇਅਦਬੀ ਕਾਂਡ ਅਤੇ ਬਹਿਬਲ ਕਲਾਂ ਗੋਲੀ ਕਾਂਡ ਵਾਪਰਿਆ, ਉਹ ਅਕਾਲੀ ਕਿਵੇਂ ਹੋ ਸਕਦੇ ਹਨ? ਜੇ ਉਹ ਅਕਾਲੀ ਹੁੰਦੇ ਤਾਂ ਸੰਗਤ ਚੋਣਾਂ ਵਿੱਚ ਉਨ੍ਹਾਂ ਦੇ ਹੱਕ ਦਾ ਫਤਵਾ ਦੇ ਦਿੰਦੀ। ਉਨ੍ਹਾਂ ਕਿਹਾ ਕਿ ਜਥੇਦਾਰ ਨੂੰ ਪੰਥ ਤੇ ਪੰਜਾਬੀਆਂ ਵੱਲੋਂ ਚੋਣਾਂ ਵਿੱਚ ਬਾਦਲਾਂ ਦੀਆਂ ਕਢਾਈਆਂ ਚੀਕਾਂ ਕਿਉਂ ਸੁਣਾਈ ਦਿੰਦੀਆਂ ਹਨ ਅਤੇ ਬਾਦਲਾਂ ਵੱਲੋਂ ਪੰਥ ਤੇ ਪੰਜਾਬੀਆਂ ਦੀਆਂ 15 ਸਾਲ ਕਢਾਈਆਂ ਚੀਕਾਂ ਤੇ ਟੀਸਾਂ ਕਿਉਂ ਨਹੀਂ ਸੁਣਾਈ ਦਿੱਤੀਆਂ?


Steinmetz & Associates
PERSONAL INJURY LAWYERS



Harry Steinmetz
Certified as Specialist by the Law Society of Ontario in Civil Litigation
(with over 27yrs. of experience)



BOBBY SIDHU
partner
(Serving the Community for Over 16 yrs.)

ਕੀ ਐਕਸੀਡੈਂਟ ਵਿੱਚ ਤੁਹਾਡੇ ਸੱਟ ਲੱਗ ਗਈ ਹੈ?
ਮੁੱਫਤ ਸਲਾਹ ▪ ਫੀਸ ਸੈਟਲਮੈਂਟ ਹੋਣ ਤੋ ਬਾਅਦ

ਜੇਕਰ ਤੁਹਾਡਾ ਕਸੂਰ ਹੈ ਜਾਂ ਨਹੀਂ, ਚਾਹੇ ਤੁਸੀਂ ਕੰਮ ਕਰਦੇ ਹੋ ਜਾਂ ਨਹੀਂ, ਚਾਹੇ ਤੁਸੀਂ Housewife ਹੋ, Student ਹੋ, Pedestrian ਹੋ, Cycliust ਹੋ, ਐਕਸੀਡੈਂਟ ਵਿਚ ਸੱਟ ਲੱਗਣ ਦੀ ਸੂਰਤ ਵਿਚ ਤੁਸੀਂ ਕਈ ਬੈਨੀਫਿਟਸ ਦੇ ਹੱਕਦਾਰ ਹੋ ਸਕਦੇ ਹੋ। ਜੇਕਰ ਤੁਹਾਡੀ ਗਲਤੀ ਨਹੀਂ ਹੈ ਤਾਂ ਤੁਸੀਂ Pain & Suffering ਸਮੇਤ ਕਈ ਮਿਲੀਅਨ ਡਾਲਰ ਦੇ ਕਲੇਮ ਦੇ ਹੱਕਦਾਰ ਹੋ ਸਕਦੇ ਹੋ।

ਹੁਣ ਤੱਕ ਅਸੀਂ ਆਪਣੇ Clients ਨੂੰ ਕਈ ਮਿਲੀਅਨ ਤੱਕ ਦੇ ਕਲੇਮ ਦੁਆ ਚੁੱਕੇ ਹਾਂ।
ਜੇਕਰ ਤੁਸੀਂ ਆਪਣੀਆਂ ਮੌਜੂਦਾ ਕਾਨੂੰਨੀ ਸੇਵਾਵਾਂ ਤੋਂ ਸੰਤੁਸ਼ਟ ਨਹੀਂ ਹੋ ਤਾਂ ਅਸੀਂ ਤੁਹਾਡੀ ਸੇਵਾ ਲਈ ਹਾਜਰ ਹਾਂ।

If you are hurt in Auto Accident, Slip & Fall or you have long Term Disability Claims
Protect yourself, Protect your family, Know your rights.
For exceptional service, benefits you are entitled to and a settlement you deserve, call the name you trust
You only pay upon settlement
GURSHARAN BOBBY SIDHU
647.539.3020

1450 Meyerside Drive, Suite 308, Mississauga
2 OFFICES TO SERVE YOU
55 St. Clair Ave., West, Toronto

email: bsidhu@steinmetzlawyers.ca website: www.steinmetzlawyers.ca



ਕੀ ਤੁਸੀਂ ਕਰਜ਼ੇ ਵਿੱਚ ਹੋ?

ਕੀ ਤੁਸੀਂ ਕਲੈਕਸ਼ਨ ਕਾਲ ਤੋਂ ਅੱਕ ਚੁੱਕੇ ਹੋ?





BOOK YOUR FREE CONSULTATION

ਹੁਣ ਘਬਰਾਉਣ ਦੀ ਜ਼ਰੁਰਤ ਨਹੀਂ
ਹੁਣ ਗੋਮਾ ਸੰਧੂ ਕਰਣਗੇ ਤੁਹਾਡੇ ਕਰੈਡਿਟ ਕਾਰਡ, ਲੋਨ ਤੇ ਟੈਕਸ ਦੇ ਕਰਜ਼ੇ ਦਾ ਹੱਲ ਤੇ ਤੁਹਾਡੇ ਕਰਜ਼ੇ ਦਾ ਲਗਭਗ 75% ਘਟਾਉਣ ਵਿੱਚ ਮਦਦ ਕਰਣਗੇ

ਜੇਕਰ ਤੁਸੀਂ ਸੂ ਹੋ ਚੁੱਕੇ ਹੋ ਤੇ ਤੁਸੀਂ ਘਰ ਤੇ ਲੀਨ ਪੈਣ ,ਵੇਜ ਗਾਰਨੀਸ਼ਮੈਂਟ ਅਤੇ ਬੈਂਕ ਅਕਾਉਂਟ ਨੂੰ ਫ੍ਰੀਜ਼ ਹੋਣ ਤੋਂ ਬਚਾਉਣਾ ਚਾਉਂਦੇ ਹੋ ,ਅਤੇ ਤੁਸੀਂ ਆਪਣੀ ਕਾਰ ਤੇ ਟਰੱਕ ਦੀ ਕਿਸ਼ਤ ਨਹੀਂ ਦਿੱਤੀ ਤੇ ਤੁਹਾਡਾ ਐਸੇਟ ਸਰਨਡਰ ਹੋ ਗਿਆ ਹੈ ਤਾ
ਹੁਣ ਹੀ ਮੁਫਤ ਸਲਾਹ ਲਈ ਕਾਲ ਕਰੋ ਗੋਮਾ ਸੰਧੂ 4167316382

-Collection Calls
-Personal Taxes
-GST/HST

-Credit Card Debts
-Personal Loans
-Pay Day Loans
-Student Loans

-Wage Garnishment
-Writ on your property
-Frozen Bank Accounts

CONTACT US:
Goma Sandhu
(416)-731-6382
gomasandhu@hotmail.com

WE HELP...
-Save your Assets
-Avoid Bankruptcy
-Small monthly payments
-Rebuild your credit

YOUR DEBT $ MY SOLUTION

# ਪੰਜਾਬ ਦੇ ਸਾਬਕਾ ਮੰਤਰੀਆਂ ਤੇ ਵਿਧਾਇਕਾਂ ਦੀ ਸੁਰੱਖਿਆ ਵਾਪਸ

## * 122 ਆਗੂਆਂ ਦੀ ਸੁਰੱਖਿਆ ਵਿੱਚ ਲੱਗੇ 500 ਮੁਲਾਜ਼ਮ ਵਾਪਸ ਸੱਦੇ

ਚੰਡੀਗੜ੍ਹ, 13 ਮਾਰਚ (ਪੋਸਟ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਵਜੋਂਭਗਵੰਤ ਮਾਨ ਦੇ ਸਹੁੰ ਚੁੱਕਣ ਤੋਂ ਪਹਿਲਾਂ ਹੀ ਕੱਲ੍ਹ ਪੰਜਾਬ ਪੁਲਸ ਨੇ ਕਾਂਗਰਸ ਅਤੇ ਅਕਾਲੀ ਦਲ ਦੇ ਕਰੀਬ ਸਵਾ ਸੌ ਆਗੂਆਂ, ਜਿਨ੍ਹਾਂ ਵਿੱਚ ਕਈ ਸਾਬਕਾ ਮੰਤਰੀ ਤੇ ਵਿਧਾਇਕ ਸ਼ਾਮਲ ਹਨ, ਨੂੰ ਦਿੱਤੀ ਸੁਰੱਖਿਆ ਵਾਪਸ ਲੈ ਲਈ ਹੈ।



ਇਸ ਸੰਬੰਧ ਵਿੱਚ ਪੰਜਾਬ ਪੁਲਸ ਦੇ ਡੀ ਜੀ ਪੀ ਵੀਰੇਸ਼ ਕੁਮਾਰ ਭਾਵੜਾ ਨੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਸਮੇਤ ਕੱਲ੍ਹ ਭਗਵੰਤ ਮਾਨ ਨਾਲ ਮੀਟਿੰਗ ਕੀਤੀ ਤਾਂ ਇਸ ਮੀਟਿੰਗ ਦੌਰਾਨ ਡੀ ਜੀ ਪੀ ਨੂੰ ਸੁਰੱਖਿਆ ਵਾਪਸੀ ਦੇ ਹੁਕਮ ਜਾਰੀ ਕਰਨ ਲਈ ਕਹਿ ਦਿੱਤਾ ਗਿਆ।ਇਨ੍ਹਾਂ ਹੁਕਮਾਂ ਤੋਂ ਪਤਾ ਲੱਗਾ ਕਿ ਮੌਜੂਦਾ ਮੰਤਰੀਆਂ ਵਿੱਚੋਂ ਹਰ ਇੱਕ ਦੇ ਨਾਲ ਦੋ ਦਰਜਨ ਤਕ ਸੁਰੱਖਿਆ ਕਰਮਚਾਰੀ ਤੈਨਾਤ ਸਨ। ਮੌਜੂਦਾ ਜਿੱਤੇ ਹੋਏ ਵਿਧਾਇਕਾਂ ਨਾਲ ਸੁਰੱਖਿਆ ਕਰਮਚਾਰੀ ਤੈਨਾਤ ਕਰਨ ਦੇ ਜ਼ੁਬਾਨੀ ਹੁਕਮ ਦਿੱਤੇ ਗਏ ਹਨ। ਸਾਬਕਾ ਮੰਤਰੀਆਂ ਦੇ ਸਲਾਹਕਾਰਾਂ ਅਤੇ ਓ ਐਸ ਡੀਜ਼ ਨਾਲ 500 ਤੋਂ ਵੱਧ ਪੁਲਸ ਕਰਮਚਾਰੀ ਤੈਨਾਤ ਸਨ। ਐਡੀਸ਼ਨਲ ਡੀ ਜੀ ਪੀ (ਸੁਰੱਖਿਆ) ਵੱਲੋਂ ਇਹ ਪੱਤਰ ਡੀ ਜੀ ਪੀ ਹੋਮਗਾਰਡ, ਪੁਲਸ ਕਮਿਸ਼ਨਰਜ਼, ਸਾਰੇ ਜ਼ਿਲ੍ਹਾ ਪੁਲਸ ਮੁਖੀਆਂ ਅਤੇ ਹੋਰਨਾਂ ਸਬੰਧਤ ਅਧਿਕਾਰੀਆਂ ਨੂੰ ਲਿਖਿਆ ਗਿਆ ਹੈ।

ਪੰਜਾਬ ਪੁਲਸ ਨੇ ਜਿਨ੍ਹਾਂ ਸਾਬਕਾ ਮੰਤਰੀਆਂ ਅਤੇ ਵਿਧਾਇਕਾਂ ਦੀ ਸੁਰੱਖਿਆ ਵਾਪਸੀ ਦੇ ਹੁਕਮ ਦਿੱਤੇ ਹਨ, ਉਨ੍ਹਾਂ ਵਿੱਚ ਸਾਬਕਾ ਟਰਾਂਸਪੋਰਟ ਮੰਤਰੀ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਕੋਲ ਸਭ ਤੋਂ ਵੱਧ 21, ਮਨਪ੍ਰੀਤ ਸਿੰਘ ਬਾਦਲ ਦੀ ਸੁਰੱਖਿਆ ਵਿੱਚ 19, ਭਾਰਤ ਭੂਸ਼ਣ ਆਸ਼ੂ ਨਾਲ 15, ਡਾ: ਰਾਜ ਕੁਮਾਰ ਵੇਰਕਾ ਨਾਲ 11, ਬ੍ਰਹਮ ਮਹਿੰਦਰਾ ਨਾਲ 14, ਸੰਗਤ ਸਿੰਘ ਗਿਲਜ਼ੀਆਂ ਨਾਲ 15, ਸਪੀਕਰ ਰਾਣਾ ਕੇ ਪੀ ਸਿੰਘ ਦੇ ਨਾਲ 13, ਪਰਗਟ ਸਿੰਘ ਨਾਲ 17, ਅਰੁਣਾ ਚੌਧਰੀ ਨਾਲ 14, ਰਾਣਾ ਗੁਰਜੀਤ ਸਿੰਘ ਨਾਲ 14, ਅਨਿਲ ਜੋਸ਼ੀ ਨਾਲ ਚਾਰ, ਸਾਬਕਾ ਵਿਧਾਇਕ ਨਵਜੋਤ ਕੌਰ ਸਿੱਧੂ ਨਾਲ ਸੱਤ ਸੁਰੱਖਿਆ ਮੁਲਾਜ਼ਮ ਸਨ, ਜਿਨ੍ਹਾਂ ਨੂੰ ਵਾਪਸ ਸੱਦਿਆ ਹੈ। ਅਕਾਲੀ ਦਲ ਦੇ ਸਿਕੰਦਰ ਸਿੰਘ ਮਲੂਕਾ, ਗੁਲਜ਼ਾਰ ਸਿੰਘ ਰਣੀਕੇ, ਆਦੇਸ਼ ਪ੍ਰਤਾਪ ਸਿੰਘ ਕੈਰੋਂ, ਸੁਖਬਿੰਦਰ ਸਿੰਘ ਸਰਕਾਰੀਆ ਨਾਲ ਲੱਗੇ ਇੱਕ ਦਰਜਨ ਤੋਂ ਵੱਧ ਮੁਲਾਜ਼ਮ ਵਾਪਸ ਸੱਦੇ ਗਏ ਹਨ। ਪੰਜਾਬ ਪੁਲਸ ਦੇ ਇੱਕ ਸੀਨੀਅਰ ਅਫਸਰ ਨੇ ਦੱਸਿਆ ਕਿ ਇਨ੍ਹਾਂ ਵਿਅਕਤੀਆਂ ਵਿੱਚੋਂ ਕਈਆਂ ਨਾਲ ਅਣਧਿਕਾਰਤ ਤੌਰ ਉੱਤੇ ਤੀਹ ਤੋਂ ਚਾਲੀ ਤਕ ਸੁਰੱਖਿਆ ਕਰਮਚਾਰੀ ਲੱਗੇ ਹੋਏ ਸਨ।

# ਬੰਗਲਾਦੇਸ਼ ਦਾ ਕੱਪੜਾ ਵਪਾਰੀ ਅੰਮ੍ਰਿਤਸਰ ’ਚ ਲੁੱਟਿਆ ਗਿਆ

ਅੰਮ੍ਰਿਤਸਰ, 13 ਮਾਰਚ (ਪੋਸਟ ਬਿਊਰੋ)- ਬੰਗਲਾਦੇਸ਼ ਤੋਂ ਇਲਾਜ ਕਰਵਾਉਣ ਲਈ ਆਏ ਕੱਪੜਾ ਵਪਾਰੀ ਤੋਂ ਉਸ ਦੇ ਮੈਨੇਜਰ ਨੂੰ ਉਨ੍ਹਾਂ ਦੇ ਗਾਈਡ ਦੀ ਮਿਲੀਭੁਗਤ ਨਾਲ ਤਿੰਨ ਅਣਪਛਾਤੇ ਬੰਦਿਆਂ ਨੇ ਧਮਕਾ ਕੇ ਕਰੀਬ 4500 ਅਮਰੀਕਨ ਡਾਲਰ, 10 ਹਜ਼ਾਰ ਦੀ ਭਾਰਤੀ ਕਰੰਸੀ ਅਤੇ ਦੋ ਮੋਬਾਈਲ ਫੋਨ ਲੁੱਟ ਲਏ।

ਥਾਣਾ ਮਜੀਠਾ ਵਿੱਚ ਮਹਿੰਦੀ ਹਬੀਬ ਚੌਧਰੀ ਵਾਸੀ ਬੰਗਲਾਦੇਸ਼ ਨੇ ਦੱਸਿਆ ਹੈ ਕਿ ਉਹ ਦਿੱਲ ਦੀ ਬਿਮਾਰੀ ਦਾ ਇਲਾਜ ਕਰਵਾਉਣ ਲਈ ਆਪਣੇ ਮੈਨੇਜਰ ਮਹਿੰਦੀ ਹਸਨ ਨਾਲ ਛੇ ਮਾਰਚ ਨੂੰ ਕੋਲਕਾਤਾ ਆਇਆ ਸੀ। ਉੱਥੇ ਪੁੱਜ ਕੇ ਉਹ ਮਿਊਰ ਹੋਟਲ ਨਿਊ ਮਾਰਕੀਟ ਵਿੱਚ ਰਹਿ ਰਹੇ ਸੀ ਤਾਂ ਦਿਨ ਕੋਲਕਾਤਾ ਦੀ ਨਿਊ ਮਾਰਕੀਟ ਵਿੱਚ ਉਨ੍ਹਾਂ ਨੂੰ ਅਬੁਲ ਖਾਲਿਕ ਵਾਸੀ ਗੋਸਪਾਰਾ ਦਮਦਮ ਕੋਲਕਾਤਾ ਮਿਲਿਆ ਜਿਸ ਨੇ ਖੁਦ ਨੂੰ ਗਾਈਡ ਦੱਸਿਆ। ਉਹ ਦੋਵੇਂ ਅਣਜਾਣ ਹੋਣ ਕਰ ਕੇ ਮੰਨ ਗਏ। ਦੋਸ਼ੀ ਨੇ ਉਨ੍ਹਾਂ ਨੂੰ ਬਤੌਰ ਗਾਈਡ ਕੋਲਕਾਤਾ ਦੇ ਕੁਝ ਮਸ਼ਹੂਰ ਸਥਾਨ ਵੀ ਦਿਖਾਏ। ਫਿਰ ਅੱਠ ਮਾਰਚ ਨੂੰ ਉਨ੍ਹਾਂ ਨੂੰ ਜਹਾਜ਼ ਰਾਹੀਂ ਸ੍ਰੀ ਗੁਰੂ ਰਾਮਦਾਸ ਕੌਮਾਂਤਰੀ ਹਵਾਈ ਅੱਡੇ ਲੈ ਆਇਆ। ਅੰਮ੍ਰਿਤਸਰ ਵਿਚ ਉਹ ਬੱਸ ਸਟੈਂਡ ਨੇੜੇ ਹੋਟਲ ਵਿੱਚ ਰਹੇ ਤੇ ਦੋਸ਼ੀ ਨੇ ਉਨ੍ਹਾਂ ਨੂੰ ਅੰਮ੍ਰਿਤਸਰ ਦੇ ਕੁਝ ਪ੍ਰਸਿੱਧ ਧਾਰਮਿਕ ਤੇ ਇਤਿਹਾਸਕ ਅਸਥਾਨ ਵਿਖਾਏ। 10 ਮਾਰਚ ਸ਼ਾਮ ਨੂੰ ਉਸ ਨੇ ਉਨ੍ਹਾਂ ਨੂੰ ਕਿਹਾ ਕਿ ਉਸ ਨੇ ਉਨ੍ਹਾਂ ਦੀਆਂ ਕੋਲਕਾਤਾ ਲਈ ਟਿਕਟਾਂ ਬੁੱਕ ਕਰਵਾ ਦਿੱਤੀਆਂ ਹਨ, ਰਾਤ ਤਿੰਨ ਵਜੇ ਹਵਾਈ ਅੱਡੇ ਤੋਂ ਫਲਾਈਟ ਹੈ। ਦੋਸ਼ੀ ਨੇ ਦੱਸਿਆ ਕਿ ਉਸ ਨੂੰ ਜ਼ਰੂਰੀ ਕੰਮ ਹੈ ਅਤੇ ਉਹ ਬਾਅਦ ਵਿੱਚ ਆਵੇਗਾ। ਉਨ੍ਹਾਂ ਦੱਸਿਆ ਕਿ ਦੋਸ਼ੀ ਨੇ ਉਨ੍ਹਾਂ ਨੂੰ ਗੁਰੂ ਰਾਮਦਾਸ ਕੌਮਾਂਤਰੀ ਹਵਾਈ ਅੱਡੇ ਉੱਤੇ ਭੇਜਣ ਲਈ ਇੱਕ ਕਾਰ ਰਾਤ ਕਰੀਬ 12-1 ਵਜੇ ਮੰਗਵਾ ਲਈ, ਜਿਸ ਵਿੱਚ ਪਹਿਲਾਂ ਤੋਂ ਤਿੰਨ ਆਦਮੀ ਬੈਠੇ ਹੋਏ ਸਨ। ਉਹ ਤੇ ਉਨ੍ਹਾਂ ਦਾ ਮੈਨੇਜਰ ਗਾਈਡ ਦੇ ਕਹਿਣ ਉੱਤੇ ਸਾਮਾਨ ਲੈ ਕੇ ਕਾਰ ਵਿੱਚ ਏਅਰਪੋਰਟ ਲਈ ਚੱਲ ਪਏ। ਮੈਨੇਜਰ ਮਹਿੰਦੀ ਹਸਨ ਨੇ ਆਪਣੇ ਮੋਬਾਈਲ ਫੋਨ ਉੱਤੇ ਏਅਰਪੋਰਟ ਦੀ ਲੋਕੇਸ਼ਨ ਲਾਈ ਸੀ,ਪਰ ਕਾਰ ਵਿੱਚ ਬੈਠੇ ਲੋਕਾਂ ਨੂੰ ਕਿਹਾ ਇਹ ਰਸਤਾ ਤਾਂ ਏਅਰਪੋਰਟ ਨੂੰ ਨਹੀਂ ਜਾਂਦਾ। ਇਸ ਉੱਤੇ ਕਾਰ ਵਿੱਚ ਸਵਾਰ ਲੋਕਾਂ ਨੇ ਮੈਨੇਜਰ ਦਾ ਮੋਬਾਈਲ ਫੋਨ ਖੋਹ ਲਿਆ ਅਤੇ ਫਿਰ ਗ੍ਰੀਨ ਮੈਡੋ ਫਾਰਮ ਨੇੜੇ ਆਬਾਦੀ ਵਰਪਾਲ ਸੋਹੀਆ ਕਲਾਂ ਪੁੱਜ ਕੇ ਉਨ੍ਹਾਂ ਨੇ ਡਰਾ-ਧਮਕਾ ਕੇ ਉਨ੍ਹਾਂ ਕੋਲੋਂ ਕਰੀਬ 4500 ਅਮਰੀਕਨ ਡਾਲਰ, 10 ਹਜ਼ਾਰ ਰੁਪਏ ਭਾਰਤੀ ਕਰੰਸੀ ਅਤੇ ਉਨ੍ਹਾਂ ਦੇ ਦੋਵੇਂ ਮੋਬਾਈਲ ਫੋਨ ਖੋਹ ਲਏ। ਮੁਲਜ਼ਮਾਂ ਨੇ ਉਨ੍ਹਾਂ ਨੂੰ ਕਾਰ ਵਿੱਚੋਂ ਉਤਾਰ ਦਿੱਤਾ ਅਤੇ ਕਾਰ ਭਜਾ ਕੇ ਫਰਾਰ ਹੋ ਗਏ।


ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202






Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202



## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ ’ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769













## ਫੌਨਾਂ ਦੇ ਸਸਤੇ ਪਲਾਨ ਗਾਰੰਟਿਡ

ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓਂ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)


## ਲੜਕੀ ਦੀ ਲੋੜ

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5’’8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013


Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ







## ਲੜਕੀ ਦੀ ਲੋੜ

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen
Contact on 6473004877
Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11’’ ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9’’, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5’9’’ ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੇਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013


Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ


## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂMBA ਅਤੇ ਕੈਨੇਡਾ ਤੋਂMarketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com


























FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017